
(ਸਫ਼ਾ 3 'ਤੇ)

ਰੋਜ਼ਾਨਾ

# ਨਿਊਜ਼ਲਾਈਨ ਐਕਸਪ੍ਰੈਸ

ਪਟਿਆਲਾ

Editor
Jagdish Goyal

Newsline Express, Patiala

Asstt. Editor
Ved Chand Mandour


(ਸਫ਼ਾ 4 'ਤੇ)

ਰਜਿ. ਨੰ: 64852 ਸਾਲ : 27 ਅੰਕ : 31 Date : 6 February Saturday ਮਿਤੀ : 6 ਫਰਵਰੀ 2021 ਦਿਨ : ਸ਼ਨੀਵਾਰ ਮੁੱਲ : 3 ਰੁਪਏ ਮੋਬਾਇਲ : 76588-14287 ਈ-ਮੇਲ: newslineexpress@gmail.com ਪੇਜ: 4


## ਖੇਤੀ ਕਾਨੂੰਨਾਂ 'ਚ ਕੋਈ ਖਾਮੀ ਨਹੀਂ: ਤੋਮਰ

ਨਵੀਂ ਦਿੱਲੀ, 5 ਫਰਵਰੀ -ਨਿਊਜ਼ਲਾਈਨ ਐਕਸਪ੍ਰੈਸ ਬਿਊਰੋ- ਤਿੰਨੋਂ ਖੇਤੀ ਕਾਨੂੰਨਾਂ ਦੀ ਜੋਰਦਾਰ ਵਕਾਲਤ ਕਰਦਿਆਂ ਕੇਂਦਰੀ ਖੇਤੀ ਮੰਤਰੀ ਨਰੇਂਦਰ ਸਿੰਘ ਤੋਮਰ ਨੇ ਅੱਜ ਕਿਹਾ ਕਿ ਸਰਕਾਰ ਵੱਲੋਂ ਕਿਸਾਨਾਂ ਦੀਆਂ ਭਾਵਨਾਵਾਂ ਨੂੰ ਦੇਖਦਿਆਂ ਇਨ੍ਹਾਂ 'ਚ ਸੋਧ ਦੀ ਪੇਸ਼ਕਸ਼ ਦਾ ਮਤਲਬ ਇਹ ਨਹੀਂ ਕਿ ਕਾਨੂੰਨਾਂ 'ਚ ਕੋਈ ਖਾਮੀ ਹੈ। ਉਨ੍ਹਾਂ ਕਿਹਾ ਕਿ ਅੰਦੋਲਨ ਕਰ ਰਹੀਆਂ ਕਿਸਾਨ ਜਥੇਬੰਦੀਆਂ ਜਾਂ ਉਨ੍ਹਾਂ ਦੇ ਹਮਦਰਦੀ ਅਜੇ ਤੱਕ ਇਨ੍ਹਾਂ ਕਾਨੂੰਨਾਂ ਵਿੱਚ ਇਕ ਵੀ ਖਾਮੀ ਨੂੰ ਲੱਭਣ ਵਿੱਚ ਨਾਕਾਮ ਰਹੇ ਹਨ। ਰਾਜ ਸਭਾ ਵਿੱਚ ਅੱਜ ਰਾਸ਼ਟਰਪਤੀ ਦੇ ਭਾਸ਼ਨ 'ਤੇ ਧੰਨਵਾਦ ਮਤੇ ਦੌਰਾਨ ਹੋਈ ਬਹਿਸ ਦੌਰਾਨ ਉਨ੍ਹਾਂ ਕਿਹਾ ਕਿ ਖੇਤੀ ਕਾਨੂੰਨਾਂ ਦਾ ਵਿਰੋਧ ਸਿਰਫ ਇਕ ਸੂਬੇ ਤੱਕ ਸੀਮਤ ਹੈ ਅਤੇ ਕਿਸਾਨਾਂ ਨੂੰ ਕਾਨੂੰਨਾਂ ਖਲਿਾਫ ਭੜਕਾਇਆ ਜਾ ਰਿਹਾ ਹੈ।


ਖੇਤੀਬਾੜੀ ਮੰਤਰੀ ਨਰੇਂਦਰ ਸਿੰਘ ਤੋਮਰ ਰਾਜ ਸਭਾ ਵਿੱਚ ਸੰਬੋਧਨ ਕਰਦੇ ਹੋਏ। ਫ਼ੋਟੋ : ਨਿਊਜ਼ਲਾਈਨ ਐਕਸਪ੍ਰੈਸ

ਉਨ੍ਹਾਂ ਦਾ ਸਿੱਧਾ ਇਸ਼ਾਰਾ ਪੰਜਾਬ ਵੱਲ ਸੀ। ਕਾਂਗਰਸ ਪਾਰਟੀ ਵੱਲੋਂ ਹੁਣੇ ਜਿਹੇ ਜਾਰੀ ਕੀਤੇ ਗਏ ਕਿਤਾਬਚੇ ਦਾ ਹਵਾਲਾ ਦਿੰਦਿਆਂ ਕੇਂਦਰੀ ਮੰਤਰੀ ਨੇ ਉਨ੍ਹਾਂ ਦੀ ਨੁਕਤਾਚੀਨੀ ਕਰਦਿਆਂ ਕਿਹਾ, "ਦੁਨੀਆ ਜਾਨਤੀ ਹੈ ਪਾਨੀ ਸੇ ਖੇਤੀ ਹੋਤੀ ਹੈ। ਖ਼ੂਨ ਸੇ ਖੇਤੀ ਸਿਰਫ ਕਾਂਗਰਸ ਹੀ ਕਰ ਸਕਤੀ ਹੈ, ਭਾਜਪਾ ਖ਼ੂਨ ਸੇ ਖੇਤੀ ਨਹੀਂ ਕਰ ਸਕਤੀ ਹੈ।" ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਨੇ ਸਰਕਾਰ ਦੀ ਆਲੋਚਨਾ ਕਰਦਿਆਂ ਤਿੰਨੋਂ ਖੇਤੀ ਕਾਨੂੰਨਾਂ ਨੂੰ 'ਕਾਲੇ ਕਾਨੂੰਨ' ਕਰਾਰ ਦਿੱਤਾ ਹੈ। 'ਮੈਂ ਦੋ ਮਹੀਨਿਆਂ ਤੋਂ ਕਿਸਾਨ ਜਥੇਬੰਦੀਆਂ ਤੋਂ ਪੁੱਛਦਾ ਆ ਰਿਹਾ ਹਾਂ ਕਿ ਕਾਨੂੰਨਾਂ 'ਚ ਕਾਲਾ ਕੀ ਹੈ ਤਾਂ ਜੋ ਉਸ ਨੂੰ ਸੁਧਾਰਿਆ ਜਾ ਸਕੇ। ਪਰ ਮੈਨੂੰ ਕੋਈ ਵੀ ਜਵਾਬ ਨਹੀਂ ਮਿਲਿਆ। ਵਿਰੋਧੀ ਧਿਰ 'ਚੋਂ ਵੀ ਕਿਸੇ ਨੇ ਵੀ ਕਾਨੂੰਨ ਦੀਆਂ ਉਨ੍ਹਾਂ ਮੱਦਾਂ ਦਾ ਜਕਿਰ ਨਹੀਂ ਕੀਤਾ ਹੈ ਜੋ ਕਿਸਾਨ ਵਿਰੋਧੀ ਹਨ।' ਸ੍ਰੀ ਤੋਮਰ ਨੇ ਕਿਹਾ ਕਿ ਸਰਕਾਰ ਕਿਸਾਨਾਂ ਦੀ ਭਲਾਈ ਅਤੇ ਐੱਮਐੱਸਪੀ ਆਧਾਰਿਤ ਫਸਲਾਂ ਦੀ ਖਰੀਦ ਵਾਲੀ ਮੰਡੀ ਪ੍ਰਣਾਲੀ ਜਾਰੀ ਰੱਖਣ ਪ੍ਰਤੀ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਕਾਨੂੰਨ ਕਿਸਾਨਾਂ ਨੂੰ ਮੰਡੀਆਂ ਤੋਂ ਬਾਹਰ ਆਪਣੀ ਫਸਲ ਵੇਚਣ ਦੀ ਖੁੱਲ੍ਹ ਦਿੰਦੇ ਹਨ ਅਤੇ ਇਸ 'ਤੇ ਸੂਬਾ ਸਰਕਾਰਾਂ ਵਾਂਗ ਕੋਈ ਟੈਕਸ ਨਹੀਂ ਲੱਗੇਗਾ। ਖੇਤੀ ਮੰਤਰੀ ਨੇ ਕਿਸਾਨਾਂ ਖਾਸ ਕਰਕੇ ਪੰਜਾਬ ਦੇ ਕਿਸਾਨਾਂ ਤੋਂ ਪੁੱਛਿਆ, "ਅੰਦੋਲਨ ਸੂਬਾ ਸਰਕਾਰ ਵੱਲੋਂ ਮੰਡੀਆਂ 'ਚ ਫਸਲ ਦੀ ਵਿਕਰੀ 'ਤੇ ਲਾਏ ਜਾਂਦੇ ਟੈਕਸ ਖਲਿਾਫ ਹੋਣਾ ਚਾਹੀਦਾ ਸੀ ਪਰ ਹੈਰਾਨੀ ਵਾਲੀ ਗੱਲ ਹੈ ਕਿ ਅਜਿਹੇ ਟੈਕਸਾਂ ਤੋਂ ਛੁਟਕਾਰਾ ਦਿਵਾਉਣ ਵਾਲੀ ਪ੍ਰਣਾਲੀ ਖਲਿਾਫ ਪ੍ਰਦਰਸ਼ਨ ਹੋ ਰਹੇ ਹਨ।" ਉਨ੍ਹਾਂ ਕਿਹਾ ਕਿ ਪੰਜਾਬ 'ਚ ਵੱਖ ਨੇਮ ਹਨ ਜਿਥੇ ਆੜ੍ਹਤੀਆਂ ਨੂੰ ਕਮਿਸ਼ਨ ਮਿਲਦਾ ਹੈ ਪਰ ਕੇਂਦਰ ਸਰਕਾਰ ਨੇ ਕਿਸਾਨਾਂ ਦਾ ਟੈਕਸਾਂ ਤੋਂ ਖਹਿੜਾ ਛੁਡਾਉਣ ਦਾ ਕੰਮ ਕੀਤਾ ਹੈ। 'ਲੇਕਿਨ ਦੇਸ਼ ਮੇਂ ਉਲਟੀ ਗੰਗਾ ਬਹਿ ਰਹੀ ਹੈ।' ਉਨ੍ਹਾਂ ਕਿਹਾ ਕਿ ਸਰਕਾਰ ਨੇ ਕਿਸਾਨਾਂ ਦੇ ਅੰਦੋਲਨ ਦਾ ਸਨਮਾਨ ਕਰਦਿਆਂ ਉਨ੍ਹਾਂ ਨਾਲ ਕਈ ਗੇੜ ਦੀ ਗੱਲਬਾਤ ਕੀਤੀ ਪਰ ਮਸਲੇ ਦਾ ਹੱਲ ਨਹੀਂ ਨਿਕਲ ਸਕਿਆ। ਖੇਤੀ ਮੰਤਰੀ ਨੇ ਦਾਅਵਾ ਕੀਤਾ ਕਿ ਏਪੀਐੱਮਸੀ (ਬਾਕੀ ਸਫ਼ਾ 3 'ਤੇ)

## ਦੇਸ਼ ਭਰ 'ਚ ਕਿਸਾਨਾਂ ਵਲੋਂ ਚੱਕਾ ਜਾਮ ਅੱਜ

ਨਵੀਂ ਦਿੱਲੀ, 5 ਫਰਵਰੀ -ਨਿਊਜ਼ਲਾਈਨ ਐਕਸਪ੍ਰੈਸ ਬਿਊਰੋ- ਦਿੱਲੀ ਦੇ ਬਾਰਡਰਾਂ 'ਤੇ ਇੰਟਰਨੈੱਟ ਸੇਵਾਵਾਂ ਬੰਦ ਕਰਨ, ਬਿਜਲੀ-ਪਾਣੀ ਕੱਟਣ ਦੇ ਵਿਰੋਧ ਅਤੇ ਗ੍ਰਿਫਤਾਰ ਅੰਦੋਲਨਕਾਰੀਆਂ ਦੀ ਰਿਹਾਈ ਲਈ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਹੇਠ ਕਿਸਾਨਾਂ ਵੱਲੋਂ ਭਲਕੇ ਦੇਸ਼ ਭਰ ਵਿੱਚ ਦੁਪਹਿਰ 12 ਤੋਂ 3 ਵਜੇ ਤੱਕ ਤਿੰਨ ਘੰਟਿਆਂ ਲਈ 'ਚੱਕਾ ਜਾਮ' ਕੀਤਾ ਜਾਵੇਗਾ। ਇਹ ਚੱਕਾ ਜਾਮ ਕੌਮੀ ਤੇ ਰਾਜ ਮਾਰਗਾਂ ਉਪਰ ਕੀਤਾ ਜਾਵੇਗਾ ਪਰ ਐਮਰਜੈਂਸੀ ਅਤੇ ਐਂਬੂਲੈਂਸ, ਸਕੂਲ ਬੱਸਾਂ ਅਤੇ ਹੋਰ ਲਾਜ਼ਮੀ ਸੇਵਾਵਾਂ ਨਾਲ ਜੁੜੇ ਵਾਹਨਾਂ ਨੂੰ ਨਹੀਂ ਰੋਕਿਆ ਜਾਵੇਗਾ। ਦਿੱਲੀ, ਉੱਤਰ ਪ੍ਰਦੇਸ਼ ਅਤੇ ਉੱਤਰਾਖੰਡ ਵਿੱਚ ਚੱਕਾ ਜਾਮ ਨਹੀਂ ਕੀਤਾ ਜਾਵੇਗਾ।

ਸੰਯੁਕਤ ਕਿਸਾਨ ਮੋਰਚੇ ਵੱਲੋਂ ਦੇਸ਼ ਦੇ ਲੋਕਾਂ ਨੂੰ ਸੱਦਾ ਦਿੱਤਾ ਗਿਆ ਕਿ ਉਹ ਇਸ ਚੱਕਾ ਜਾਮ ਦਾ ਸ਼ਾਂਤਮਈ ਢੰਗ ਨਾਲ ਸਮਰਥਨ ਕਰਕੇ ਕਿਸਾਨੀ ਘੋਲ ਵਿੱਚ ਸਹਿਯੋਗ ਦੇਣ। ਮੋਰਚੇ ਵੱਲੋਂ ਡਾ. ਦਰਸ਼ਨਪਾਲ ਨੇ ਦੱਸਿਆ ਕਿ ਚੱਕਾ ਜਾਮ ਪੂਰੀ ਤਰ੍ਹਾਂ ਸ਼ਾਂਤਮਈ ਅਤੇ ਅਹਿੰਸਕ ਹੋਵੇਗਾ। ਉਨ੍ਹਾਂ ਪ੍ਰਦਰਸ਼ਨਕਾਰੀਆਂ ਨੂੰ ਅਪੀਲ ਕੀਤੀ (ਬਾਕੀ ਸਫ਼ਾ 3 'ਤੇ)


ਸਿੰਘੂ ਬਾਰਡਰ 'ਤੇ ਸ਼ੁੱਕਰਵਾਰ ਨੂੰ ਤਾਇਨਾਤ ਸੁਰੱਖਿਆ ਬਲਾਂ ਦੇ ਜਵਾਨ ਫ਼ੋਟੋ : ਨਿਊਜ਼ਲਾਈਨ ਐਕਸਪ੍ਰੈਸ

## ਹਰਿਆਣਾ ਦੇ ਡਿਪਟੀ ਸੀ.ਐੱਮ ਵੱਲੋਂ ਖਪਤਕਾਰਾਂ ਦੀ ਸਹੂਲਤ ਲਈ ਈ-ਫਾਈਲਿੰਗ ਪੋਰਟਲ ਲਾਂਚ



ਚੰਡੀਗੜ੍ਹ, 5 ਫਰਵਰੀ -ਨਿਊਜ਼ਲਾਈਨ ਐਕਸਪ੍ਰੈਸ ਬਿਊਰੋ- ਹਰਿਆਣਾ ਦੇ ਡਿਪਟੀ ਮੁੱਖ ਮੰਤਰੀ ਦੁਸ਼ਯੰਤ ਚੌਟਾਲਾ ਨੇ ਹਰਿਆਣਾ ਸਿਵਲ ਸਕੱਤਰੇਤ ਸਥਿਤ ਆਪਣੇ ਦਫਤਰ ਤੋਂ ਖਪਤਕਾਰਾਂ ਦੀ ਸਹੂਲਤ ਲਈ ਈ-ਫਾਈਲਿੰਗ ਪੋਰਟਲ ਲਾਂਚ ਕੀਤਾ। ਹੁਣ ਖਪਤਕਾਰ ਆਪਣੇ ਕੇਸ ... ਵੈਬਸਾਇਟ 'ਤੇ ਕਿਤੋ ਵੀ ਆਨਲਾਇਨ ਦਾਖਲ ਕਰ ਸਕਣਗੇ।

ਇਸ ਮੌਕੇ 'ਤੇ ਰਾਜ ਖਪਤਕਾਰ ਵਿਵਾਦ ਹੱਲ ਆਯੋਗ ਦੇ ਚੇਅਰਮੈਨ ਸੇਵਾਮੁਕਤ ਜਸਟਿਸ ਟੀਪੀਐਸ ਮਾਨ, ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਵਧੀਕ ਮੁੱਖ ਸਕੱਤਰ ਪੀ.ਕੇ. ਦਾਸ, ਸੰਯੁਕਤ ਨਿਦੇਸ਼ਕ ਡਾ. ਇੰਦਰਜੀਤ ਵੀ ਮੌਜੂਦ ਸਨ।

ਡਿਪਟੀ ਸੀਐਮ, ਜਿਨ੍ਹਾਂ ਦੇ ਕੋਲ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਕਾਰਜਭਾਰ ਵੀ ਹੈ, ਨੇ ਈ-ਫਾਈਲਿੰਗ ਪੋਰਟਲ ਦੀ ਸ਼ੁਰੂਆਤ ਕਰਨ ਦੇ ਬਾਅਦ ਕਿਹਾ ਕਿ (ਬਾਕੀ ਸਫ਼ਾ 3 'ਤੇ)

## ਪਾਬੰਦੀਆਂ ਦੇ ਬਾਵਜੂਦ ਉਤਰ ਪ੍ਰਦੇਸ਼ ਵਿੱਚ ਹਜ਼ਾਰਾਂ ਲੋਕਾਂ ਦਾ ਇਕੱਠ

ਨੋਇਡਾ, 5 ਫਰਵਰੀ -ਨਿਊਜ਼ਲਾਈਨ ਐਕਸਪ੍ਰੈਸ ਬਿਊਰੋ- ਪੱਛਮੀ ਉੱਤਰ ਪ੍ਰਦੇਸ਼ ਦੇ ਸ਼ਾਮਲੀ ਜਲ਼ਿ੍ਹੇ ਵਿਚ ਅੱਜ ਕੇਂਦਰ ਸਰਕਾਰ ਦੇ ਖੇਤੀ ਕਾਨੂੰਨਾਂ ਖਲਿਾਫ ਹਜਾਰਾਂ ਕਿਸਾਨਾਂ ਦਾ ਇਕੱਠ ਹੋਇਆ। ਸ਼ਾਮਲੀ ਤੇ ਨੇੜਲੇ ਜ਼ਲਿ੍ਹਆਂ ਤੋਂ ਹਜਾਰਾਂ ਲੋਕ ਟਰੈਕਟਰਾਂ, ਦੁਪਹੀਆ ਅਤੇ ਹੋਰ ਵਾਹਨਾਂ 'ਤੇ ਭੈਂਸਵਾਲ ਪਿੰਡ ਪਹੁੰਚੇ। ਰਾਸ਼ਟਰੀ ਲੋਕ ਦਲ ਵੱਲੋਂ ਲਾਈ ਗਈ 'ਕਿਸਾਨ ਪੰਚਾਇਤ' ਵਿਚ ਕਈ ਲੋਕ ਪੈਦਲ ਵੀ ਸ਼ਿਰਕਤ ਕਰਨ ਲਈ ਪਹੁੰਚੇ। ਦੱਸਣਯੋਗ ਹੈ ਕਿ ਇਸ ਇਕੱਠ ਲਈ ਸ਼ਾਮਲੀ ਪ੍ਰਸ਼ਾਸਨ ਨੇ ਇਜਾਜਤ ਦੇਣ ਤੋਂ (ਬਾਕੀ ਸਫ਼ਾ 3 'ਤੇ)


ਸ਼ਾਮਲੀ ਵਿੱਚ 'ਮਹਾਪੰਚਾਇਤ' ਦੌਰਾਨ ਲੋਕਾਂ ਦਾ ਠਾਠਾਂ ਮਾਰਦਾ ਇਕੱਠ ਫ਼ੋਟੋ : ਨਿਊਜ਼ਲਾਈਨ ਐਕਸਪ੍ਰੈਸ

## ਸੱਚ ਬੋਲਣ ਵਾਲੇ 'ਤੇ ਗੱਦਾਰ ਤੇ ਦੇਸ਼ ਧ੍ਰੋਹੀ ਦਾ ਠੱਪਾ: ਰਾਊਤ

ਨਵੀਂ ਦਿੱਲੀ, 5 ਫਰਵਰੀ -ਨਿਊਜ਼ਲਾਈਨ ਐਕਸਪ੍ਰੈਸ ਬਿਊਰੋ- ਸ਼ਿਵ ਸੈਨਾ ਦੇ ਸੰਸਦ ਮੈਂਬਰ ਸੰਜੈ ਰਾਊਤ ਨੇ ਅੱਜ ਸਰਕਾਰ ਦੀ ਆਲੋਚਨਾ ਕਰਦਿਆਂ ਕਿਹਾ ਕਿ ਜੋ ਕੋਈ ਵੀ ਸੱਚ ਬੋਲਦਾ ਹੈ ਉਸ 'ਤੇ ਗੱਦਾਰ ਜਾਂ ਦੇਸ਼ ਧ੍ਰੋਹੀ ਦਾ ਠੱਪਾ ਲਗਾ ਦਿੱਤਾ ਜਾਂਦਾ ਹੈ ਅਤੇ ਉਸ ਖਲਿਾਫ ਦੇਸ਼ ਧ੍ਰੋਹ ਦਾ ਕੇਸ ਦਰਜ ਕਰ ਦਿੱਤਾ ਜਾਂਦਾ ਹੈ। ਉਹ ਅੱਜ ਰਾਜ ਸਭਾ ਵਿੱਚ ਰਾਸ਼ਟਰਪਤੀ ਦੇ ਭਾਸ਼ਣ ਸਬੰਧੀ ਧੰਨਵਾਦ ਮਤੇ 'ਤੇ ਹੋਈ ਬਹਿਸ ਦੌਰਾਨ ਬੋਲ ਰਹੇ ਸਨ। ਸ੍ਰੀ ਰਾਊਤ ਨੇ ਕਿਹਾ ਕਿ ਆਪਣੇ ਹੱਕਾਂ ਲਈ ਲੜ ਰਹੇ ਕਿਸਾਨਾਂ ਨੂੰ ਦੇਸ਼ ਵਿਰੋਧੀ ਜਾਂ ਖਾਲਿਸਤਾਨੀ ਦੱਸਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਸਾਨ ਜਦੋਂ ਮੁਗਲਾਂ ਤੇ ਅੰਗਰੇਜਾਂ ਖਲਿਾਫ ਲੜਦੇ ਸਨ ਤਾਂ ਉਨ੍ਹਾਂ ਨੂੰ 'ਯੋਧਿਆਂ' ਵਜੋਂ (ਬਾਕੀ ਸਫ਼ਾ 3 'ਤੇ)



## ਦਿੱਲੀ ਦੇ ਬਾਰਡਰਾਂ 'ਤੇ ਬੈਰੀਕੇਡਿੰਗ ਤੇ ਕੰਡਿਆਲੀ ਤਾਰ 'ਬਰਲਿਨ ਦੀ ਕੰਧ' ਤੇ 'ਨਜਰਬੰਦੀ ਕੈਂਪਾਂ' ਦਾ ਭੁਲੇਖਾ ਪਾਉਂਦੀ ਹੈ: ਬਾਜਵਾ

ਨਵੀਂ ਦਿੱਲੀ, 5 ਫਰਵਰੀ -ਨਿਊਜ਼ਲਾਈਨ ਐਕਸਪ੍ਰੈਸ ਬਿਊਰੋ- ਕਾਂਗਰਸ ਆਗੂ ਤੇ ਪੰਜਾਬ ਤੋਂ ਰਾਜ ਸਭਾ ਮੈਂਬਰ ਪ੍ਰਤਾਪ ਸਿੰਘ ਬਾਜਵਾ ਨੇ ਗਾਜੀਪੁਰ ਬਾਰਡਰ 'ਤੇ (ਕਿਸਾਨਾਂ ਦੇ ਧਰਨੇ ਵਾਲੀ ਥਾਂ ਨਜਦੀਕ) ਦਿੱਲੀ ਪੁਲੀਸ ਵੱਲੋਂ ਲਾਏ ਬੈਰੀਕੇਡਾਂ ਦੀ ਬਰਲਿਨ ਦੀ ਕੰਧ ਤੇ ਨਜਰਬੰਦੀ ਕੈਂਪਾਂ



ਨਾਲ ਤੁਲਨਾ ਕੀਤੀ ਹੈ। ਉਨ੍ਹਾਂ ਕਿਸਾਨਾਂ ਨੂੰ ਦੇਸ਼ ਵਿਰੋਧੀ ਤੇ ਖਾਲਿਸਤਾਨੀ ਦੱਸੇ ਜਾਣ ਦਾ ਵੀ ਜੋਰਦਾਰ ਸ਼ਬਦਾਂ 'ਚ ਵਿਰੋਧ ਕੀਤਾ। ਰਾਸ਼ਟਰਪਤੀ ਦੇ ਭਾਸ਼ਨ 'ਤੇ ਪੇਸ਼ ਧੰਨਵਾਦੀ ਮਤੇ 'ਤੇ ਹੋਈ ਬਹਿਸ ਦੌਰਾਨ ਬੋਲਦਿਆਂ ਬਾਜਵਾ ਨੇ ਮੰਗ ਕੀਤੀ ਕਿ 26 ਜਨਵਰੀ ਨੂੰ ਦਿੱਲੀ ਵਿੱਚ ਹੋਈ ਹਿੰਸਾ ਮਾਮਲੇ ਦੀ ਨਿਰਪੱਖ ਜਾਂਚ ਲਈ ਸੁਪਰੀਮ ਕੋਰਟ ਦੇ ਜੱਜ ਦੀ ਅਗਵਾਈ ਵਿੱਚ ਕਮੇਟੀ ਕਾਇਮ ਕੀਤੀ ਜਾਵੇ, ਜੋ ਦੋ ਮਹੀਨਿਆਂ 'ਚ ਆਪਣੀ ਰਿਪੋਰਟ ਦੇਵੇ। ਬਾਜਵਾ ਨੇ ਤਿੰਨ ਖੇਤੀ ਕਾਨੂੰਨਾਂ ਨੂੰ ਕਿਸਾਨਾਂ ਦੇ 'ਮੌਤ ਦੇ ਵਾਰੰਟ' ਦੱਸਦਿਆਂ ਦੋਸ਼ ਲਾਇਆ ਕਿ ਸਰਕਾਰ ਨੇ ਗੈਰਜਮਹੂਰੀ ਢੰਗ ਨਾਲ ਖੇਤੀ ਬਿੱਲ ਪਾਸ ਕਰਕੇ ਇਨ੍ਹਾਂ ਨੂੰ ਕਾਨੂੰਨਾਂ ਦਾ ਰੂਪ ਦਿੱਤਾ ਹੈ। ਉਨ੍ਹਾਂ ਕਿਹਾ ਕਿ ਖੇਤੀ ਬਿਲਾਂ 'ਤੇ ਵੋਟਿੰਗ ਕਰਵਾਉਣ ਦੀ ਵਿਰੋਧੀ ਧਿਰਾਂ ਦੀ ਮੰਗ ਨੂੰ ਗੈਰਜਮਹੂਰੀ ਤਰੀਕੇ ਨਾਲ ਦਬਾਇਆ ਗਿਆ ਤੇ ਇਹ ਸਭ ਕੁਝ ਅਜਿਹੇ ਮੌਕੇ ਕੀਤਾ ਗਿਆ ਜਦੋਂ ਪਰਵਾਸੀ ਮਜਦੂਰਾਂ ਨੂੰ ਕੋਵਿਡ-19 ਮਹਾਮਾਰੀ (ਬਾਕੀ ਸਫ਼ਾ 3 'ਤੇ)

## ਪ੍ਰਨੀਤ ਕੌਰ ਵੱਲੋਂ ਨਾਭਾ ਨਗਰ ਕੌਂਸਲ ਚੋਣਾਂ ਲਈ ਕਾਂਗਰਸੀ ਉਮੀਦਵਾਰਾਂ ਦੇ ਹੱਕ 'ਚ ਚੋਣ ਪ੍ਰਚਾਰ


ਲੋਕ ਸਭਾ ਮੈਂਬਰ ਸ੍ਰੀਮਤੀ ਪ੍ਰਨੀਤ ਕੌਰ ਨਾਭਾ ਵਿਖੇ ਨਗਰ ਕੌਂਸਲ ਚੋਣਾਂ ਲਈ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਦੇ ਹੱਕ 'ਚ ਚੋਣ ਪ੍ਰਚਾਰ ਦੌਰਾਨ ਸਾਂਝੀ ਚੋਣ ਰੈਲੀ ਮੌਕੇ ਸ਼ਿਰਕਤ ਕਰਦੇ ਹੋਏ। ਫ਼ੋਟੋ : ਨਿਊਜ਼ਲਾਈਨ ਐਕਸਪ੍ਰੈਸ

ਨਾਭਾ, 5 ਫਰਵਰੀ -ਨਿਊਜ਼ਲਾਈਨ ਐਕਸਪ੍ਰੈਸ ਬਿਊਰੋ/ ਵੇਦ ਚੰਦ- ਪਟਿਆਲਾ ਤੋਂ ਲੋਕ ਸਭਾ ਮੈਂਬਰ ਸ੍ਰੀਮਤੀ ਪ੍ਰਨੀਤ ਕੌਰ ਨੇ ਅੱਜ ਨਾਭਾ ਵਿਖੇ ਨਗਰ ਕੌਂਸਲ ਚੋਣਾਂ ਲਈ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਦੇ ਹੱਕ 'ਚ ਚੋਣ ਪ੍ਰਚਾਰ ਕੀਤਾ। ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਸ. ਸਾਧੂ ਸਿੰਘ ਧਰਮਸੋਤ ਵੀ ਉਨ੍ਹਾਂ ਦੇ ਨਾਲ ਸਨ। ਇਸ ਦੌਰਾਨ ਉਨ੍ਹਾਂ ਨੇ ਨਾਭਾ ਸ਼ਹਿਰ 'ਚ ਚਾਰ ਥਾਵਾਂ ਪਟਿਆਲਾ ਗੇਟ, ਦੇਵੀ ਮੰਦਿਰ ਚੌਂਕ, ਬੌੜਾਂ ਗੇਟ ਅਤੇ ਮੈਹਸ ਗੇਟ ਵਿਖੇ ਚੋਣ ਰੈਲੀਆਂ ਨੂੰ ਸੰਬੋਧਨ ਕੀਤਾ ਅਤੇ ਸ਼ਿਵ ਸ਼ਕਤੀ ਚੌਂਕ ਵਿਖੇ ਦੇਵੀ ਮੰਦਿਰ ਵਿਖੇ ਮੱਥਾ ਵੀ ਟੇਕਿਆ।

ਇਸ ਦੌਰਾਨ ਸ੍ਰੀਮਤੀ ਪ੍ਰਨੀਤ ਕੌਰ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਪੰਜਾਬ ਸਰਕਾਰ ਨੇ ਝੁੱਗੀ ਝੋਪੜੀਆਂ 'ਚ ਰਹਿਣ ਵਾਲੇ ਗਰੀਬ ਲੋਕਾਂ ਦੀ ਬਾਂਹ ਫੜਕੇ ਉਨ੍ਹਾਂ ਨੂੰ ਜਮੀਨਾਂ ਦੇ ਮਾਲਕਾਨਾ ਹੱਕ ਦੇ ਕੇ ਪੱਕੇ ਰਹਿਣ ਬਸੇਰੇ ਪ੍ਰਦਾਨ ਕਰਨ ਦਾ ਇਤਿਹਾਸਕ ਫੈਸਲਾ ਕੀਤਾ, ਜਿਸ ਦਾ ਗਰੀਬ ਤੇ ਲੋੜਵੰਦ ਲੋਕਾਂ ਨੂੰ ਬਹੁਤ ਵੱਡਾ ਫਾਇਦਾ ਹੋਵੇਗਾ।

ਸੰਸਦ ਮੈਂਬਰ ਨੇ ਕਿਹਾ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਮਹਿਲਾਵਾਂ ਨੂੰ ਇਨ੍ਹਾਂ ਚੋਣਾਂ 'ਚ 50 ਫੀਸਦੀ ਰਾਖਵਾਂ ਕਰਨ ਦੇਕੇ ਅੱਗੇ ਵਧਣ ਦਾ ਮੌਕਾ ਦਿੱਤਾ ਤਾਂ ਕਿ ਉਹ ਵੀ ਆਪਣੇ ਇਲਾਕੇ ਦੇ ਵਿਕਾਸ 'ਚ ਯੋਗਦਾਨ ਪਾ ਸਕਣ।

ਉਨ੍ਹਾਂ ਕਿਹਾ ਕਿ ਮਹਿਲਾਵਾਂ (ਬਾਕੀ ਸਫ਼ਾ 3 'ਤੇ)

## ਭਾਰਤ ਦੀ ਮੰਗ, ਡਿਪਲੋਮੈਟਿਕ ਮਿਸ਼ਨਾਂ ਦੀ ਸੁਰੱਖਿਆ ਯਕੀਨੀ ਬਣਾਵੇ ਕੈਨੇਡਾ

ਨਵੀਂ ਦਿੱਲੀ, 5 ਫਰਵਰੀ -ਨਿਊਜ਼ਲਾਈਨ ਐਕਸਪ੍ਰੈਸ ਬਿਊਰੋ- ਦਿੱਲੀ ਦੀਆਂ ਸਰਹੱਦਾਂ 'ਤੇ ਚੱਲ ਰਹੇ ਕਿਸਾਨਾਂ ਦੇ ਵਿਰੋਧ ਪ੍ਰਦਰਸਨ ਦੌਰਾਨ ਕੈਨੇਡਾ ਵਿਖੇ ਸਿੱਖ ਕੱਟੜਪੰਥੀਆਂ ਵੱਲੋਂ ਵੈਨਕੂਵਰ ਵਿਖੇ ਕੌਂਸਲੇਟ ਦੇ ਵਿਰੋਧ ਵਿਚ ਕਥਿਤ ਖਤਰੇ ਦੇ ਬਾਅਦ ਭਾਰਤ ਨੇ ਕੈਨੇਡਾ ਨੂੰ ਆਪਣੇ ਕੂਟਨੀਤਕ ਮਿਸਨਾਂ ਲਈ ਤਸੱਲੀਬਖਸ ਸੁਰੱਖਿਆ ਪ੍ਰਦਾਨ ਕਰਨ ਦੀ ਬੇਨਤੀ ਕੀਤੀ ਹੈ।




ਇਹ ਮਾਮਲਾ ਮੰਤਰੀ ਪੱਧਰ 'ਤੇ ਚੁੱਕਿਆ ਗਿਆ ਹੈ। ਕੇਂਦਰ ਦੀ ਅਪੀਲ ਦੇ ਬਾਵਜੂਦ, ਕੈਨੇਡਾ ਵਿਚ ਭਾਰਤੀ ਮਿਸਨਾਂ ਨੂੰ ਤਸੱਲੀਬਖਸ ਸੁਰੱਖਿਆ ਦੀ ਪੇਸਕਸ ਕਰਦਿਆਂ ਪੁਲਸ ਅਤੇ ਸੁਰੱਖਿਆ ਬਲਾਂ ਦੀ 'ਅਸਮਰੱਥਾ' ਦਾ ਮੁੱਦਾ ਚੁੱਕਿਆ ਗਿਆ ਹੈ। ਪਿਛਲੇ ਦੋ ਮਹੀਨਿਆਂ ਦੌਰਾਨ, ਸਥਾਨਕ ਪੁਲਸ ਨੇ ਕੈਨੇਡਾ ਵਿਚ ਭਾਰਤੀ ਮਿਸਨਾਂ ਦੇ ਬਾਹਰ ਵਿਰੋਧ ਪ੍ਰਦਰਸਨਾਂ ਦੀ ਇਜਾਜਤ ਦਿੱਤੀ ਹੈ, ਉਹ ਵੀ ਸਿੱਖਸ ਫਾਰ ਜਸਟਿਸ () ਦੇ ਮੈਂਬਰਾਂ ਦੀ ਸਮੂਲੀਅਤ ਨਾਲ। ਵਿਰੋਧ ਪ੍ਰਦਰਸਨਾਂ ਉੱਤੇ ਕੈਨੇਡੀਅਨ ਅਥਾਰਿਟੀ ਦੀ ਸਥਿਤੀ, ਘਰੇਲੂ ਮਜਬੂਰੀਆਂ ਨਾਲ ਪ੍ਰੇਰਿਤ ਹੈ। ਦਸੰਬਰ ਵਿਚ, ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੇ ਕਿਸਾਨਾਂ ਦੇ ਅੰਦੋਲਨ 'ਤੇ ਟਿੱਪਣੀ ਤੋਂ ਬਾਅਦ ਭਾਰਤ ਨੇ ਕੈਨੇਡੀਅਨ ਅਤਿਰਿਕਤ ਕਮਿਸਨਰ ਨੂੰ ਤਲਬ ਕੀਤਾ ਸੀ। ਭਾਰਤ ਮੁਤਾਬਕ, ਇਨ੍ਹਾਂ ਟਿੱਪਣੀਆਂ ਨੇ ਕੈਨੇਡਾ ਵਿਚ ਸਾਡੇ ਹਾਈ ਕਮਿਸਨ ਅਤੇ ਕੌਂਸਲੇਟਾਂ ਦੇ ਸਾਹਮਣੇ ਅੱਤਵਾਦੀ ਗਤੀਵਿਧੀਆਂ ਦੇ ਇਕੱਠ ਨੂੰ ਉਤਸਾਹਤ ਕੀਤਾ ਹੈ ਜੋ ਸੁਰੱਖਿਆ ਅਤੇ ਸੁਰੱਖਿਆ ਦੇ ਮੁੱਦਿਆਂ ਨੂੰ ਉਠਾਉਂਦੇ ਹਨ। ਅਸੀਂ ਕੈਨੇਡੀਅਨ ਸਰਕਾਰ ਤੋਂ ਉਮੀਦ ਕਰਦੇ ਹਾਂ ਕਿ ਉਹ ਕੂਟਨੀਤਿਕ ਸਰਗਰਮੀਆਂ ਨੂੰ ਜਾਇਜ ਠਹਿਰਾਉਣ ਵਾਲੇ ਵਾਕਾਂ ਤੋਂ ਪਰਹੇਜ ਕਰਨ। ਇਸ ਦੇ ਨਾਲ ਹੀ ਭਾਰਤੀ ਕੂਟਨੀਤਕ ਕਰਮਚਾਰੀਆਂ ਅਤੇ ਰਾਜਨੀਤਿਕ ਨੇਤਾਵਾਂ ਦੀ ਪੂਰਨ ਸੁਰੱਖਿਆ ਨੂੰ ਯਕੀਨੀ ਬਣਾਉਣ।

ਟਰੂਡੋ ਦੀ ਪ੍ਰਤੀਕਿਰਿਆ ਤੋਂ ਬਾਅਦ ਵਿਦੇਸੀ ਮੰਤਰਾਲਿਆਂ ਦੀ ਡਿਜੀਟਲ ਮੁਲਾਕਾਤ ਰੱਦ ਕਰ ਦਿੱਤੀ ਗਈ ਸੀ ਅਤੇ ਵਿਦੇਸ ਮੰਤਰੀ ਐਸ ਜੈਸੰਕਰ ਨੇ ਕੋਵਿਡ-19 ਨਾਲ ਨਜਿੱਠਣ ਲਈ ਇੱਕ ਖਾਸ ਰਣਨੀਤੀ ਬਣਾਉਣ ਲਈ ਤਿਆਰ ਵਿਦੇਸੀ ਮੰਤਰੀਆਂ ਦੇ ਸਮੂਹ ਦੇ ਇਕੱਠ ਵਿਚ ਹਿੱਸਾ ਨਹੀਂ ਲਿਆ ਸੀ। ਹਾਲਾਂਕਿ, ਮੰਗਲਵਾਰ ਨੂੰ ਕੈਨੇਡਾ ਦੇ ਨਵੇਂ ਵਿਦੇਸੀ ਮੰਤਰੀ ਨੇ ਆਪਣੇ ਭਾਰਤੀ ਹਮਰੁਤਬਾ ਨਾਲ ਮਿਲ ਕੇ ਸਬੰਧਾਂ ਵਿਚ ਠੰਢੇਪਨ ਨੂੰ ਰੋਕਣ ਦੀ ਕੋਸਸਿ ਕਰਦਿਆਂ ਇੱਕ ਡਿਜੀਟਲ ਗੱਲਬਾਤ ਕੀਤੀ। ਸੰਵਾਦ ਨੂੰ ਸਸਿਟਾਚਾਰ ਦੇ ਨਾਮ ਵਜੋਂ ਦਰਸਾਇਆ ਜਾ ਸਕਦਾ ਹੈ ਅਧਿਕਾਰੀਆਂ ਨੇ ਬੁੱਧਵਾਰ ਨੂੰ ਇਹ ਜਕਿਰ ਕੀਤਾ ਕਿ ਕਿਸੇ ਵੀ ਵਿਦੇਸੀ ਪ੍ਰਸਾਸਨ (ਬਾਕੀ ਸਫ਼ਾ 3 'ਤੇ)

## ਸੰਪਾਦਕੀ

# ਮਾਹੌਲ ਵਿਚ ਹੋਰ ਤਲਖ਼ੀ ਨਾ ਪੈਦਾ ਕੀਤੀ ਜਾਏ

ਮਹੀਨਿਆਂ ਤੋਂ ਚੱਲ ਰਹੇ ਕਿਸਾਨ ਅੰਦੋਲਨ ਨੂੰ ਲੈ ਕੇ ਪੰਜਾਬ ਦੇ ਹਾਲਾਤ ਪਹਿਲਾਂ ਹੀ ਤਣਾਅਪੂਰਨ ਚੱਲ ਰਹੇ ਹਨ। ਇਸ ਸਮੇਂ ਇਕ ਵਿਸ਼ੇਸ਼ ਪਾਰਟੀ ਨੂੰ ਖ਼ਾਸ ਤੌਰ 'ਤੇ ਨਿਸ਼ਾਨਾ ਵੀ ਬਣਾਇਆ ਜਾਂਦਾ ਰਿਹਾ ਹੈ। ਸਿਆਸੀ ਪਾਰਟੀਆਂ ਦੇ ਆਗੂ ਲਗਾਤਾਰ ਇਕ-ਦੂਜੇ 'ਤੇ ਸ਼ਬਦੀ ਬਿਆਨਬਾਜ਼ੀ ਕਰਕੇ ਮਾਹੌਲ ਨੂੰ ਹੋਰ ਵੀ ਵਿਗਾੜਨ ਦੇ ਭਾਗੀ ਬਣ ਰਹੇ ਹਨ ਜਦੋਂ ਕਿ ਉਨ੍ਹਾਂ ਨੂੰ ਸਮੁੱਚੇ ਰੂਪ ਵਿਚ ਸੂਬੇ ਦੀ ਬਿਹਤਰੀ ਲਈ ਆਪਸ ਵਿਚ ਮਿਲ ਬੈਠ ਕੇ ਵਿਚਾਰ-ਵਟਾਂਦਰਾ ਕਰਨ ਅਤੇ ਮਾਹੌਲ ਨੂੰ ਹੋਰ ਵਿਗੜਨ ਤੋਂ ਰੋਕਣ ਲਈ ਚਾਰਾਜੋਈ ਕਰਨ ਦੀ ਜ਼ਰੂਰਤ ਹੈ। ਪਰ ਹੁਣ ਸੂਬੇ ਵਿਚ ਬਹੁਤ ਸਾਰੀਆਂ ਥਾਵਾਂ 'ਤੇ 14 ਫਰਵਰੀ ਨੂੰ ਹੋਣ ਵਾਲੀਆਂ ਸਥਾਨਕ ਸਰਕਾਰਾਂ ਦੀਆਂ ਚੋਣਾਂ ਤੋਂ ਪਹਿਲਾਂ ਜਿਸ ਤਰ੍ਹਾਂ ਦਾ ਮਾਹੌਲ ਸਿਰਜਣ ਦਾ ਯਤਨ ਕੀਤਾ ਜਾ ਰਿਹਾ ਹੈ, ਉਸ ਨਾਲ ਤਲਖ਼ੀ ਵਿਚ ਵਾਧਾ ਹੋ ਸਕਦਾ ਹੈ। ਇਨ੍ਹਾਂ ਚੋਣਾਂ ਦੌਰਾਨ ਲੋਕਾਂ ਦੀਆਂ ਆਪਸੀ ਦੁਸ਼ਮਣੀਆਂ ਅਤੇ ਵੈਰ-ਵਿਰੋਧ ਵੀ ਹੋਰ ਵਧਣ ਦਾ ਖਦਸ਼ਾ ਪੈਦਾ ਹੋ ਗਿਆ ਹੈ।

ਪੰਚਾਇਤਾਂ ਅਤੇ ਸਥਾਨਕ ਸਰਕਾਰਾਂ ਦੀਆਂ ਚੋਣਾਂ ਹੇਠਲੇ ਪੱਧਰ 'ਤੇ ਲੋਕਤੰਤਰੀ ਭਾਵਨਾਵਾਂ ਨੂੰ ਮਜ਼ਬੂਤ ਕਰਨ ਲਈ ਕਰਾਈਆਂ ਜਾਂਦੀਆਂ ਹਨ। ਪਰ ਜੇਕਰ ਇਨ੍ਹਾਂ ਦੇ ਨਤੀਜੇ ਹਿੰਸਕ ਲੜਾਈਆਂ-ਝਗੜਿਆਂ ਵਿਚ ਨਿਕਲਦੇ ਹਨ ਤਾਂ ਅਜਿਹੀ ਭਾਵਨਾ 'ਤੇ ਗਹਿਰੀ ਸੱਟ ਹੈ। ਪਿਛਲੇ ਕੁਝ ਸਾਲਾਂ ਤੋਂ ਅਜਿਹੀਆਂ ਚੋਣਾਂ ਦੌਰਾਨ ਜਿਸ ਤਰ੍ਹਾਂ ਸਰਕਾਰਾਂ ਸਥਾਨਕ ਪੱਧਰ 'ਤੇ ਪ੍ਰਸ਼ਾਸਨ ਦੀ ਮਦਦ ਨਾਲ ਚੋਣਾਂ ਵਿਚ ਆਪਣਾ ਦਖ਼ਲ ਵਧਾਉਣ ਦੀ ਕੋਸ਼ਿਸ਼ ਕਰਦੀਆਂ ਹਨ, ਉਹ ਨਿਸਚੇ ਹੀ ਨਿੰਦਣਯੋਗ ਹੈ। ਇਸ ਸਮੇਂ ਸਿਰਜਿਆ ਜਾ ਰਿਹਾ ਅਜਿਹਾ ਮਾਹੌਲ ਸਮਾਜ 'ਤੇ ਗਹਿਰੀ ਸੱਟ ਮਾਰਨ ਦੇ ਬਰਾਬਰ ਹੈ, ਜਿਸ ਨਾਲ ਭਾਈਚਾਰਿਆਂ ਦੇ ਖਿੱਲਰ ਜਾਣ ਦਾ ਡਰ ਪੈਦਾ ਹੋ ਗਿਆ ਹੈ। ਸੂਬੇ ਵਿਚ ਇਹ ਚੋਣਾਂ 14 ਫਰਵਰੀ ਨੂੰ ਹੋਣਗੀਆਂ ਅਤੇ ਇਨ੍ਹਾਂ ਦੇ ਨਤੀਜੇ 17 ਫਰਵਰੀ ਨੂੰ ਸਾਹਮਣੇ ਆਉਣੇ ਹਨ। ਇਸ ਤੋਂ ਪਹਿਲਾਂ ਵੀ ਜਦੋਂ ਨਗਰ ਨਿਗਮਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਹੁੰਦੀਆਂ ਰਹੀਆਂ ਹਨ, ਉਨ੍ਹਾਂ ਵਿਚ ਵੀ ਅਜਿਹੇ ਅਤਿ ਮਾੜੇ ਦ੍ਰਿਸ਼ ਵੇਖਣ ਨੂੰ ਮਿਲਦੇ ਰਹੇ ਹਨ। ਉਸ ਸਮੇਂ ਵੀ ਤਤਕਾਲੀ ਸਰਕਾਰਾਂ ਨੇ ਆਪਣਾ ਬਾਹੂਬਲ ਵਰਤਣ ਦਾ ਪੂਰਾ ਯਤਨ ਕੀਤਾ ਸੀ। ਇਹ ਚੋਣਾਂ ਪਿਛਲੇ ਸਾਲ ਅਕਤੂਬਰ ਦੇ ਮਹੀਨੇ ਵਿਚ ਕਰਵਾਈਆਂ ਜਾਣੀਆਂ ਸਨ ਪਰ ਕੋਰੋਨਾ ਮਹਾਂਮਾਰੀ ਦੇ ਚਲਦਿਆਂ ਇਨ੍ਹਾਂ ਨੂੰ ਇਸ ਸਾਲ ਫਰਵਰੀ ਦੇ ਮਹੀਨੇ ਵਿਚ ਕਰਵਾਉਣ ਦਾ ਫ਼ੈਸਲਾ ਕੀਤਾ ਗਿਆ ਸੀ। ਇਨ੍ਹਾਂ ਚੋਣਾਂ ਸਬੰਧੀ ਐਲਾਨ ਸਮੇਂ ਹੀ ਇਹ ਖਦਸ਼ੇ ਵੀ ਪ੍ਰਗਟ ਕੀਤੇ ਗਏ ਸਨ ਕਿ ਅਜੋਕੇ ਤਣਾਅਪੂਰਨ ਮਾਹੌਲ ਵਿਚ ਕਰਵਾਈਆਂ ਜਾਣ ਵਾਲੀਆਂ ਇਹ ਚੋਣਾਂ ਅਮਲੀ ਰੂਪ ਵਿਚ ਕਿੰਨੀਆਂ ਕੁ ਸਹੀ ਅਤੇ ਭਾਵਪੂਰਤ ਹੋ ਸਕਦੀਆਂ ਹਨ। ਹੁਣ ਪ੍ਰਗਟਾਏ ਗਏ ਖਦਸ਼ੇ ਸਹੀ ਸਾਬਤ ਹੋ ਰਹੇ ਹਨ। ਥਾਂ ਪੁਰ ਥਾਂ ਗੜਬੜ ਵਾਲਾ ਮਾਹੌਲ ਬਣਾਉਣ ਦਾ ਯਤਨ ਕੀਤਾ ਜਾ ਰਿਹਾ ਹੈ।

ਇਸੇ ਕੜੀ ਵਿਚ ਹੀ ਪਿਛਲੇ ਦਿਨੀਂ ਜਲਾਲਾਬਾਦ ਦੀਆਂ ਨਗਰ ਕੌਂਸਲ ਚੋਣਾਂ ਅਤੇ ਜ਼ਿਲ੍ਹਾ ਤਰਨ ਤਾਰਨ ਵਿਚ ਭਿੱਖੀਵਿੰਡ ਦੀਆਂ ਨਗਰ ਪੰਚਾਇਤ ਚੋਣਾਂ ਵਿਚ ਜੋ ਕੁਝ ਵੇਖਣ ਨੂੰ ਮਿਲਿਆ, ਉਹ ਬੇਹੱਦ ਸ਼ਰਮਸਾਰ ਕਰਨ ਵਾਲਾ ਸੀ। ਨਾਮਜ਼ਦਗੀ ਭਰਨ ਦੇ ਮੌਕੇ ਦੋ ਪਾਰਟੀਆਂ ਦੇ ਵਰਕਰਾਂ ਵਿਚ ਜੰਮ ਕੇ ਪੱਥਰਬਾਜ਼ੀ ਹੋਈ। ਆਗੂਆਂ ਦੀਆਂ ਗੱਡੀਆਂ ਦੀ ਭੰਨ-ਤੋੜ ਕੀਤੀ ਗਈ ਅਤੇ ਇਹ ਝਗੜਾ ਖ਼ੂਨੀ ਲੜਾਈ ਵਿਚ ਬਦਲਦਾ ਨਜ਼ਰ ਆਇਆ। ਇਹ ਵੀ ਦੋਸ਼ ਲਗਾਇਆ ਜਾ ਰਿਹਾ ਸੀ ਕਿ ਰਾਜ ਕਰਦੀ ਪਾਰਟੀ ਦੇ ਵਰਕਰਾਂ ਨੇ ਪ੍ਰਸ਼ਾਸਨ ਦੀ ਮਿਲੀਭੁਗਤ ਨਾਲ ਦੂਸਰੀਆਂ ਪਾਰਟੀਆਂ ਦੇ ਉਮੀਦਵਾਰਾਂ ਨੂੰ ਜ਼ਬਰਦਸਤੀ ਨਾਮਜ਼ਦਗੀਆਂ ਭਰਨ ਤੋਂ ਰੋਕਿਆ ਅਤੇ ਬਹੁਤਿਆਂ ਦੇ ਨਾਮਜ਼ਦਗੀ ਪੱਤਰ ਦਾਖ਼ਲ ਨਹੀਂ ਹੋਣ ਦਿੱਤੇ। ਇਸੇ ਹੀ ਤਰ੍ਹਾਂ ਭਿੱਖੀਵਿੰਡ ਵਿਚ ਨਾਮਜ਼ਦਗੀ ਪੱਤਰ ਦਾਖ਼ਲ ਕਰਦਿਆਂ ਦੋ ਪਾਰਟੀਆਂ ਦੇ ਵਰਕਰਾਂ ਵਿਚ ਸਖ਼ਤ ਝੜਪਾਂ ਹੋਈਆਂ ਅਤੇ ਗੋਲੀਆਂ ਵੀ ਚੱਲੀਆਂ। ਰਾਜ ਕਰਦੀ ਪਾਰਟੀ ਦੇ ਵਿਅਕਤੀਆਂ ਨੇ ਦੂਸਰੀਆਂ ਪਾਰਟੀਆਂ ਦੇ ਉਮੀਦਵਾਰਾਂ ਦੀਆਂ ਫਾਈਲਾਂ ਖੋਹ ਲਈਆਂ ਅਤੇ ਉਨ੍ਹਾਂ ਨੂੰ ਨਾਮਜ਼ਦਗੀ ਪੱਤਰ ਦਾਖ਼ਲ ਨਹੀਂ ਕਰਨ ਦਿੱਤੇ। ਅਜਿਹੀ ਗੁੰਡਾਗਰਦੀ ਲੰਮੇ ਸਮੇਂ ਤੱਕ ਕੀਤੀ ਜਾਂਦੀ ਰਹੀ। ਅਸੀਂ ਸਿਆਸੀ ਪਾਰਟੀਆਂ ਵਲੋਂ ਕੀਤੀਆਂ ਜਾ ਰਹੀਆਂ ਅਜਿਹੀਆਂ ਹੁੱਲੜਬਾਜ਼ੀਆਂ ਨੂੰ ਲੋਕਤੰਤਰ 'ਤੇ ਵੱਡਾ ਧੱਬਾ ਸਮਝਦੇ ਹਾਂ ਜੋ ਆਉਣ ਵਾਲੇ ਸਮੇਂ ਵਿਚ ਅਜਿਹੀਆਂ ਹੋਰ ਨਕਾਰਾਤਮਕ ਰੁਚੀਆਂ ਨੂੰ ਜਨਮ ਦੇਣਗੀਆਂ।

ਅਮਨ ਕਾਨੂੰਨ ਦੀ ਸਥਿਤੀ ਸੰਭਾਲਣ ਦੀ ਜ਼ਿੰਮੇਵਾਰੀ ਰਾਜ ਸਰਕਾਰ ਦੀ ਹੁੰਦੀ ਹੈ। ਆਉਂਦੇ ਦਿਨਾਂ ਵਿਚ ਜੇਕਰ ਚੋਣ ਪ੍ਰਚਾਰ ਸਮੇਂ ਵੀ ਅਜਿਹਾ ਹੀ ਮਾਹੌਲ ਬਣਾਇਆ ਗਿਆ ਤਾਂ ਉਸ ਨਾਲ ਰਾਜ ਦੇ ਪ੍ਰਸ਼ਾਸਨ 'ਤੇ ਹੀ ਉਂਗਲੀ ਉੱਠੇਗੀ। ਰਾਜ ਸਰਕਾਰ ਨੂੰ ਇਸ ਸਬੰਧੀ ਪੁਖਤਾ ਅਤੇ ਸਖ਼ਤ ਪ੍ਰਬੰਧ ਕਰਨੇ ਪੈਣਗੇ ਤਾਂ ਜੋ ਪਹਿਲਾਂ ਹੀ ਖ਼ਰਾਬ ਹੋਏ ਮਾਹੌਲ ਵਿਚ ਵਾਪਰਦਾ ਅਜਿਹਾ ਕੁਝ ਧੁਖਦੀ ਅੱਗ 'ਤੇ ਤੇਲ ਪਾਉਣ ਵਾਲਾ ਸਾਬਤ ਨਾ ਹੋਵੇ। ਇਸ ਸਮੇਂ ਜਿਥੇ ਪ੍ਰਸ਼ਾਸਨ ਨੂੰ ਬੇਹੱਦ ਚੌਕਸੀ ਵਰਤਣ ਦੀ ਜ਼ਰੂਰਤ ਹੋਵੇਗੀ, ਉਥੇ ਸਿਆਸੀ ਪਾਰਟੀਆਂ ਨੂੰ ਵੀ ਸੂਬੇ ਦੇ ਬਿਹਤਰ ਭਵਿੱਖ ਲਈ ਆਪਣੀ ਜ਼ਿੰਮੇਵਾਰੀ ਪਛਾਣਨ ਦੀ ਜ਼ਰੂਰਤ ਹੋਵੇਗੀ।

-ਸੰਪਾਦਕ

Printed, Published and Owned by Jagdish Goyal and Printed at Daffodils Printing Press, Factory Area, Patiala and Published from daily Newsline Express, 20, Street no. 3, Guru Nanak Nagar, Tripuri, Patiala.
Editor : Jagdish Goyal
RNI No.64852
Mobile no.7658814287
E-mail : newslineexpress@gmail.com
ਪ੍ਰਿੰਟਰ, ਪ੍ਰਕਾਸ਼ਕ ਅਤੇ ਮਾਲਕ ਜਗਦੀਸ਼ ਗੋਇਲ ਨੇ ਡੈਫ਼ੋਡਿਲਜ਼ ਪ੍ਰਿੰਟਿੰਗ ਪ੍ਰੈਸ, ਫੈਕਟਰੀ ਏਰੀਆ, ਪਟਿਆਲਾ ਤੋਂ ਛਪਵਾ ਕੇ 20, ਗਲੀ ਨੰਬਰ 3, ਗੁਰੂ ਨਾਨਕ ਨਗਰ, ਤ੍ਰਿਪੜੀ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ।
ਸੰਪਾਦਕ : ਜਗਦੀਸ਼ ਗੋਇਲ
ਨੋਟ : ਸੰਪਾਦਕ ਸਿਰਫ ਪੀ ਆਰ ਬੀ ਐਕਟ ਅਧੀਨ ਖਬਰਾਂ ਲਈ ਜ਼ਿੰਮੇਵਾਰ।
ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ ਪਟਿਆਲਾ ਅਦਾਲਤ ਵਿੱਚ ਹੀ ਹੋਵੇਗਾ।

# ਮਾਲੀਆ ਇਕੱਠਾ ਕਰਨ ਲਈ ਸਰਕਾਰੀ ਜਾਇਦਾਦਾਂ ਵੇਚਣਾ ਸਹੀ ਨਹੀਂ

**ਉਪਿੰਦਰ ਪ੍ਰਸਾਦ**

ਨਿਰਮਲਾ ਸੀਤਾਰਮਨ ਨੇ ਆਪਣਾ ਇਹ ਬਜਟ ਅਜਿਹੇ ਸਮੇਂ ਪੇਸ਼ ਕੀਤਾ ਹੈ, ਜਦੋਂ ਦੇਸ਼ ਬੇਮਿਸਾਲ ਆਰਥਿਕ ਸੰਕਟ ਦੇ ਦੌਰ ਵਿਚੋਂ ਲੰਘ ਰਿਹਾ ਹੈ ਅਤੇ ਸਰਕਾਰ ਸਾਹਮਣੇ ਜ਼ਬਰਦਸਤ ਵਿੱਤੀ ਸੰਕਟ ਦੀ ਚੁਣੌਤੀ ਮੌਜੂਦ ਹੈ। ਪਿਛਲਾ ਬਜਟ ਪੇਸ਼ ਕਰਦੇ ਸਮੇਂ ਵਿੱਤ ਮੰਤਰੀ ਨੇ ਕੇਂਦਰ ਸਰਕਾਰ ਦੇ ਖਜ਼ਾਨੇ ਦੇ ਘਾਟੇ ਦਾ ਅਨੁਮਾਨ ਕੁੱਲ ਘਰੇਲੂ ਉਤਪਾਦ ਦਾ ਸਾਢੇ ਤਿੰਨ ਫੀਸਦੀ ਲਗਾਇਆ ਸੀ, ਪਰ ਹੁਣ ਇਹ ਅੰਦਾਜ਼ਾ ਹੈ ਕਿ ਇਹ 6.8 ਫੀਸਦੀ ਹੋ ਗਿਆ ਹੈ। ਅਜੇ ਵੀ ਚਾਲੂ ਵਿੱਤੀ ਸਾਲ ਦੇ ਦੋ ਮਹੀਨੇ ਬਾਕੀ ਹਨ। ਇਸ ਲਈ ਪੂਰੀ ਸੰਭਾਵਨਾ ਹੈ ਕਿ ਅਸਲ ਵਿਚ ਖਜ਼ਾਨੇ ਦਾ ਘਾਟਾ 10 ਫੀਸਦੀ ਤੋਂ ਜ਼ਿਆਦਾ ਹੀ ਹੋਵੇਗਾ।

ਬਜਟ ਦਾ ਸਬੰਧ ਖਜ਼ਾਨੇ ਨਾਲ ਹੀ ਹੈ ਅਤੇ ਇਸ ਸਮੇਂ ਦੇਸ਼ ਦੀ ਆਜ਼ਾਦੀ ਤੋਂ ਬਾਅਦ ਦਾ ਸਭ ਤੋਂ ਵੱਡਾ ਖਜ਼ਾਨੇ ਦੇ ਘਾਟੇ ਦਾ ਸੰਕਟ ਖੜ੍ਹਾ ਹੈ। ਖਜ਼ਾਨੇ ਵਿਚ ਪੈਸੇ ਆਉਂਦੇ ਹਨ। ਖਜ਼ਾਨੇ ਤੋਂ ਹੀ ਪੈਸੇ ਖ਼ਰਚ ਹੁੰਦੇ ਹਨ। ਖ਼ਰਚ ਨਾਲ ਸਬੰਧਿਤ ਨੀਤੀਆਂ ਹੀ ਖਜ਼ਾਨੇ ਦੀਆਂ ਨੀਤੀਆਂ ਹਨ। ਇਨ੍ਹਾਂ ਨਾਲ ਦੇਸ਼ ਦਾ ਵਰਤਮਾਨ ਹੀ ਨਹੀਂ ਸਗੋਂ ਭਵਿੱਖ ਵੀ ਨਿਰਧਾਰਿਤ ਹੁੰਦਾ ਹੈ। ਚਾਲੂ ਵਿੱਤੀ ਸਾਲ ਵਿਚ ਖ਼ਰਚਾ ਜ਼ਿਆਦਾ ਹੋ ਗਿਆ, ਕਿਉਂਕਿ ਸਰਕਾਰ ਨੂੰ ਉਨ੍ਹਾਂ ਮੱਦਾਂ 'ਤੇ ਵੀ ਖਰਚਾ ਕਰਨਾ ਪਿਆ, ਜਿਨ੍ਹਾਂ ਬਾਰੇ ਪਿਛਲਾ ਬਜਟ ਪੇਸ਼ ਕਰਦਿਆਂ ਸੋਚਿਆ ਤੱਕ ਨਹੀਂ ਸੀ। ਸਿਹਤ ਸੇਵਾਵਾਂ 'ਤੇ ਖ਼ਰਚ ਹੋਏ ਅਤੇ ਸਭ ਤੋਂ ਜ਼ਿਆਦਾ ਤਾਂ ਗ਼ਰੀਬ ਮੁਫ਼ਤ ਅਨਾਜ ਦੇਣ 'ਤੇ ਖਰਚ ਹੋਇਆ। ਖਰਚ ਤਾਂ ਜ਼ਿਆਦਾ ਹੋਏ ਪਰ ਮਾਲੀਆ ਘਟ ਗਿਆ। ਤਾਲਾਬੰਦੀ ਕਾਰਨ ਦੇਸ਼ ਵਿਚ ਆਰਥਿਕ ਸਰਗਰਮੀਆਂ ਸੁੰਗੜਦੀਆਂ ਗਈਆਂ। ਚਾਲੂ ਵਿੱਤੀ ਸਾਲ ਦੇ ਪਹਿਲੇ 6 ਮਹੀਨੇ ਵਿਚ ਆਰਥਿਕ ਵਿਕਾਸ ਵਿਚ 24 ਫੀਸਦੀ ਦੀ ਗਿਰਾਵਟ ਆ ਗਈ। ਆਰਥਿਕ ਸਰਗਰਮੀਆਂ ਦੇ ਘੱਟ ਹੋਣ ਦਾ ਮਤਲਬ ਮਾਲੀਏ ਵਿਚ ਕਮੀ।

ਇਸ ਤਰ੍ਹਾਂ ਖਜ਼ਾਨੇ 'ਤੇ ਦੁਤਰਫਾ ਮਾਰ ਪਈ। ਖਜ਼ਾਨੇ ਤੋਂ ਜ਼ਿਆਦਾ ਖਰਚੇ ਕਰਨੇ ਪਏ ਅਤੇ ਉੱਤੋਂ ਮਾਲੀਆ ਘਟ ਗਿਆ। ਫਿਰ ਤਾਂ ਖਜ਼ਾਨੇ ਦਾ ਘਾਟਾ ਵਧਣਾ ਹੀ ਸੀ। ਇਹ ਤਿੰਨ ਗੁਣਾ ਵਧ ਗਿਆ ਅਤੇ ਇਸ ਦਾ ਅਸਰ ਦੇਸ਼ 'ਤੇ ਪੈਣਾ ਸੁਭਾਵਿਕ ਹੈ। ਪੈ ਵੀ ਰਿਹਾ ਹੈ। ਖਜ਼ਾਨੇ ਦਾ ਘਾਟਾ ਪੂਰਾ ਕਰਨ ਲਈ ਸਰਕਾਰ ਜੋ ਨੀਤੀਆਂ ਅਪਣਾਉਂਦੀ ਹੈ, ਉਨ੍ਹਾਂ ਦੇ ਚੰਗੇ ਮਾੜੇ ਦੋਵਾਂ ਤਰ੍ਹਾਂ ਦੇ ਪ੍ਰਭਾਵ ਪੈਂਦੇ ਹਨ ਪਰ ਸਵਾਲ ਉੱਠਦਾ ਹੈ ਕਿ ਇਸ ਦੇ ਬੁਰੇ ਪ੍ਰਭਾਵ ਕਿਸ ਤਬਕੇ 'ਤੇ ਪੈਣਗੇ।



ਅਗਲੇ ਵਿੱਤੀ ਵਰ੍ਹੇ ਲਈ ਬਜਟ ਵਿਚ ਕਰੀਬ ਪੌਣੇ 8 ਫੀਸਦੀ ਖਜ਼ਾਨੇ ਦੇ ਘਾਟੇ ਦਾ ਅੰਦਾਜ਼ਾ ਲਗਾਇਆ ਗਿਆ ਹੈ। ਇਸ ਘਾਟੇ ਦੇ ਹੋਰ ਵਧਣ ਦੀ ਸੰਭਾਵਨਾ ਹੈ ਕਿਉਂਕਿ ਨੇੜਲੇ ਭਵਿੱਖ ਵਿਚ ਇਕੋ ਦਮ ਆਰਥਿਕ ਸਰਗਰਮੀਆਂ ਵਧਣ ਦੀ ਸੰਭਾਵਨਾ ਬਹੁਤ ਘੱਟ ਹੈ। ਦੇਸ਼ ਵਿਚ ਕੋਰੋਨਾ ਕੰਟਰੋਲ ਵਿਚ ਆਉਂਦਾ ਦਿਸ ਰਿਹਾ ਹੈ। ਕੇਰਲ ਨੂੰ ਛੱਡ ਕੇ ਹੋਰਾਂ ਰਾਜਾਂ ਵਿਚ ਇਹ ਪਹਿਲਾਂ ਨਾਲੋਂ ਬਹੁਤ ਘਟ ਗਿਆ ਹੈ। ਪਰ ਦੁਨੀਆ ਦੇ ਹੋਰਾਂ ਦੇਸ਼ਾਂ ਵਿਚ ਵੀ ਜਦੋਂ ਤੱਕ ਕੋਰੋਨਾ ਖ਼ਤਮ ਨਹੀਂ ਹੋ ਜਾਂਦਾ ਜਾਂ ਬਹੁਤ ਘੱਟ ਨਹੀਂ ਹੋ ਜਾਂਦਾ, ਉਦੋਂ ਤੱਕ ਭਾਰਤ 'ਤੇ ਵੀ ਖ਼ਤਰਾ ਬਣਿਆ ਰਹੇਗਾ ਅਤੇ ਅਸੀਂ ਸੁਖ ਦਾ ਸਾਹ ਨਹੀਂ ਲੈ ਸਕਦੇ। ਕੋਰੋਨਾ ਨਵੇਂ ਰੂਪਾਂ ਵਿਚ ਫਿਰ ਸੁਰਜੀਤ ਹੋ ਰਿਹਾ ਹੈ। ਪਤਾ ਨਹੀਂ ਉਸ ਦਾ ਨਵਾਂ ਰੂਪ ਫਿਰ ਤੋਂ ਭਾਰਤ ਵਿਚ ਆ ਜਾਵੇ ਅਤੇ ਸੰਕਟ ਦਾ ਇਕ ਨਵਾਂ ਦੌਰ ਸ਼ੁਰੂ ਹੋ ਜਾਵੇ।

ਜ਼ਾਹਰ ਹੈ ਕਿ ਸਾਡਾ ਆਰਥਿਕ ਭਵਿੱਖ ਅਜੇ ਵੀ ਯਕੀਨੀ ਨਹੀਂ ਹੈ। ਕੋਰੋਨਾ ਮਹਾਂਮਾਰੀ ਸਾਨੂੰ ਕਿਸ ਦਿਸ਼ਾ ਵਿਚ ਲੈ ਜਾਵੇਗੀ, ਇਹ ਕਹਿਣਾ ਮੁਸ਼ਕਿਲ ਹੈ। ਅਜਿਹੇ ਦੌਰ ਵਿਚ ਖਜ਼ਾਨੇ ਦਾ ਸੰਕਟ ਦੂਰ ਕਰਨ ਦਾ ਜੋ ਸਭ ਤੋਂ ਵੱਡਾ ਤਰੀਕਾ ਇਸ ਬਜਟ ਵਿਚ ਦੱਸਿਆ ਜਾ ਰਿਹਾ ਹੈ, ਉਸ ਦੀ ਉਪਯੋਗਤਾ ਵੀ ਸ਼ੱਕੀ ਹੈ। ਉਹ ਤਰੀਕਾ ਹੈ ਸਰਕਾਰੀ ਜਾਇਦਾਦਾਂ ਨੂੰ ਵੇਚ ਕੇ ਸਰਕਾਰ ਦੇ ਖਜ਼ਾਨੇ ਨੂੰ ਭਰਨਾ ਅਤੇ ਖਜ਼ਾਨੇ ਦਾ ਘਾਟਾ ਦੂਰ ਕਰਨਾ। ਉਂਜ ਇਨ੍ਹਾਂ ਜਾਇਦਾਦਾਂ ਨੂੰ ਵੇਚਣ ਦਾ ਇਹ ਸਿਲਸਿਲਾ ਲੰਬੇ ਸਮੇਂ ਤੋਂ ਜਾਰੀ ਹੈ। ਡਾ: ਮਨਮੋਹਨ ਸਿੰਘ ਜਦੋਂ ਵਿੱਤ ਮੰਤਰੀ ਸਨ ਉਦੋਂ ਤੋਂ ਹੀ ਇਹ ਸ਼ੁਰੂ ਕੀਤਾ ਗਿਆ ਸੀ, ਪਰ ਉਦੋਂ ਬਿਮਾਰ ਪਈਆਂ ਜਾਂ ਘਾਟੇ ਵਿਚ ਪਈਆਂ ਕੰਪਨੀਆਂ ਨੂੰ ਹੀ ਵੇਚਿਆ ਜਾਂਦਾ ਸੀ। ਪਰ ਬਾਅਦ ਵਿਚ ਅਟਲ ਬਿਹਾਰੀ ਵਾਜਪਾਈ ਦੇ ਸਮੇਂ ਇਕ ਨਵੀਂ ਪ੍ਰਵਿਰਤੀ ਉੱਭਰੀ।

ਉਹ ਫਾਇਦਾ ਦੇ ਰਹੀਆਂ ਕੰਪਨੀਆਂ ਨੂੰ ਵੇਚਣ ਅਤੇ ਘਾਟੇ ਦੀਆਂ ਕੰਪਨੀਆਂ ਨੂੰ ਬੰਦ ਕਰਨ ਦੀ ਸੀ। ਉਦੋਂ ਕੰਪਨੀਆਂ ਨੂੰ ਪੂਰੀ ਤਰ੍ਹਾਂ ਨਹੀਂ ਸੀ ਵੇਚਿਆ ਜਾਂਦਾ ਸੀ, ਸਗੋਂ ਉਨ੍ਹਾਂ ਦੇ ਇਕ ਹਿੱਸੇ ਨੂੰ ਵੇਚਿਆ ਜਾਂਦਾ ਸੀ। ਡਾ: ਮਨਮੋਹਨ ਸਿੰਘ ਦੀ ਸਰਕਾਰ ਦੇ ਦੌਰ ਵਿਚ ਸਮਰਥਕ ਖੱਬੇ ਪੱਖੀਆਂ ਦੇ ਦਬਾਅ ਵਿਚ ਅਤੇ ਸ਼ਾਇਦ ਸੋਨੀਆ ਗਾਂਧੀ ਦੇ ਦਖ਼ਲ ਦੇ ਕਾਰਨ ਵੀ ਸਰਕਾਰੀ ਕੰਪਨੀਆਂ ਦੇ ਵਿਕਣ ਦੀ ਰਫ਼ਤਾਰ 'ਤੇ ਬਰੇਕ ਰਹੀ। ਡਾ: ਮਨਮੋਹਨ ਸਿੰਘ ਦਾ ਦੂਜਾ ਕਾਰਜਕਾਲ ਖੱਬੇ ਪੱਖੀ ਦਬਾਅ ਤੋਂ ਮੁਕਤ ਸੀ ਪਰ ਫਿਰ ਵੀ ਸੋਨੀਆ ਗਾਂਧੀ ਦੇ ਸਲਾਹਕਾਰਾਂ ਕਾਰਨ ਇਸ 'ਤੇ ਕੰਟਰੋਲ ਰਿਹਾ। ਚੱਲ ਰਹੇ ਅੰਦੋਲਨਾਂ ਕਾਰਨ ਡਾ: ਮਨਮੋਹਨ ਸਿੰਘ ਦੀ ਸਰਕਾਰ ਜ਼ਿਆਦਾ ਕੁਝ ਨਹੀਂ ਸੀ ਕਰ ਪਾ ਰਹੀ। ਭ੍ਰਿਸ਼ਟਾਚਾਰ ਦੇ ਦੋਸ਼ ਵੀ ਲੱਗ ਰਹੇ ਸਨ। ਇਸ ਕਾਰਨ ਵੇਚਣ ਦਾ ਕੰਮ ਜਾਂ ਤਾਂ ਹੋ ਹੀ ਨਹੀਂ ਸਕਦਾ ਸੀ ਜਾਂ ਫਿਰ ਬਹੁਤ ਮੰਦਾ ਪੈ ਗਿਆ ਸੀ।

ਪਰ 2014 ਵਿਚ ਨਰਿੰਦਰ ਮੋਦੀ ਦੀ ਸਰਕਾਰ ਬਣਨ ਤੋਂ ਬਾਅਦ ਕੰਪਨੀਆਂ ਦੀ ਵਿਕਰੀ ਤੇਜ਼ ਹੋ ਗਈ। ਸਰਕਾਰ ਨੇ ਕੰਪਨੀਆਂ ਵੇਚਣ ਦਾ ਕੰਮ ਆਪਣੇ ਮਾਲੀਏ ਦੀ ਪ੍ਰਾਪਤੀ ਦਾ ਇਕ ਸਾਧਨ ਬਣਾ ਲਿਆ ਅਤੇ ਜਿੱਥੋਂ ਕਿਤੋਂ ਵੀ ਜ਼ਿਆਦਾ ਮਿਲ ਸਕਦਾ ਸੀ, ਉਸ ਨੂੰ ਵੇਚਣ ਲਈ ਪੇਸ਼ ਕਰ ਦਿੱਤਾ। ਕਿਸੇ ਨੇ ਨਹੀਂ ਸੋਚਿਆ ਹੋਵੇਗਾ ਕਿ ਰੇਲਵੇ ਨੂੰ ਵੀ ਵੇਚਿਆ ਜਾ ਸਕਦਾ ਹੈ। ਪਰ ਰੇਲ ਰੂਟਾਂ ਅਤੇ ਰੇਲਵੇ ਸਟੇਸ਼ਨਾਂ ਨੂੰ ਵੇਚਿਆ ਜਾਣ ਲੱਗਾ ਹੈ। ਹੋਰ ਸਰਕਾਰੀ ਜਾਇਦਾਦਾਂ ਦੀ ਵਿਕਰੀ ਨੂੰ ਹੀ ਮਾਲੀਏ ਦੇ ਘਾਟੇ ਦੀ ਸਮੱਸਿਆ ਨਾਲ ਜੂਝਣ ਦਾ ਇਕ ਵੱਡਾ ਸਾਧਨ ਕੇਂਦਰ ਸਰਕਾਰ ਨੇ ਬਣਾ ਲਿਆ ਹੈ। ਪਿਛਲੇ ਦਿਨੀਂ ਨਿਰਮਲਾ ਸੀਤਾਰਮਨ ਵਲੋਂ ਪੇਸ਼ ਕੀਤੇ ਗਏ ਬਜਟ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਇਹੀ ਹੈ ਕਿ ਜੋ ਵੀ ਸੰਭਵ ਹੈ, ਸਰਕਾਰ ਉਸ ਨੂੰ ਵੇਚਣ ਲੱਗੀ ਹੈ। ਇਹ ਅਗਾਂਹ ਵੇਖਣ ਵਾਲੀ ਗੱਲ ਹੈ ਕਿ ਕਿੰਨੀਆਂ ਜਾਇਦਾਦਾਂ ਦੇ ਖ਼ਰੀਦਦਾਰ ਮਿਲਣਗੇ ? ਇਸੇ ਦਰਮਿਆਨ ਕਿਸਾਨ ਅੰਦੋਲਨ ਚੱਲ ਰਿਹਾ ਹੈ। ਇਹ ਲਗਾਤਾਰ ਤੇਜ਼ ਹੁੰਦਾ ਜਾ ਰਿਹਾ ਹੈ। ਆਗਾਮੀ ਅਪ੍ਰੈਲ ਤੋਂ ਨਵੇਂ ਕਿਰਤੀ ਕਾਨੂੰਨਾਂ ਨੂੰ ਲਾਗੂ ਕੀਤਾ ਜਾਵੇਗਾ। ਉਨ੍ਹਾਂ ਦੇ ਵਿਰੋਧ ਵਿਚ ਮਜ਼ਦੂਰਾਂ ਵਲੋਂ ਅੰਦੋਲਨ ਚਲਾਉਣ ਦੀ ਸੰਭਾਵਨਾ ਹੈ। ਫਿਰ ਜੋ ਕੰਪਨੀਆਂ ਵਿਕਣ ਵਾਲੀਆਂ ਹਨ, ਉਨ੍ਹਾਂ ਦੇ ਕਰਮਚਾਰੀ ਵੀ ਹੜਤਾਲ 'ਤੇ ਜਾ ਸਕਦੇ ਹਨ। ਇਸ ਤਰ੍ਹਾਂ ਕੋਰੋਨਾ ਦੇ ਨਾਲ ਨਾਲ ਨਵੀਆਂ ਸਮੱਸਿਆਵਾਂ ਪੈਦਾ ਹੋਣ ਜਾ ਰਹੀਆਂ ਹਨ।

ਸਰਕਾਰ ਦੇ ਕੋਲ ਅਜੇ ਵੀ ਸਮਾਂ ਹੈ। ਦੇਸ਼ ਦਾ ਮਾਹੌਲ ਅਸ਼ਾਂਤ ਕਰਨ ਤੋਂ ਬਿਹਤਰ ਹੈ ਕਿ ਸਰਕਾਰ ਮਾਲੀਆ ਹਾਸਲ ਕਰਨ ਦੇ ਹੋਰ ਤਰੀਕਿਆਂ ਦੀ ਵਰਤੋਂ ਕਰੇ। ਇਕ ਤਰੀਕਾ ਤਾਂ ਅਮੀਰਾਂ 'ਤੇ 'ਸੁਪਰ ਰਿਚ ਟੈਕਸ' ਲਗਾਉਣ ਦਾ ਹੈ। ਅਜਿਹੇ ਲੋਕਾਂ ਦੀ ਗਿਣਤੀ ਵੀ ਬਹੁਤ ਹੋ ਗਈ ਹੈ, ਜਿਨ੍ਹਾਂ ਦੀ ਆਮਦਨ ਬਹੁਤ ਹੀ ਜ਼ਿਆਦਾ ਹੈ। ਅਸੀਂ ਇਹ ਨਹੀਂ ਕਹਿੰਦੇ ਕਿ ਉਨ੍ਹਾਂ ਦੀ ਆਮਦਨ 'ਤੇ 97 ਫੀਸਦੀ ਟੈਕਸ ਲਗਾ ਦਿਓ, ਪਰ 60 ਫੀਸਦੀ ਟੈਕਸ ਤਾਂ ਲਗਾਇਆ ਹੀ ਜਾ ਸਕਦਾ ਹੈ। ਉਸ ਨਾਲ ਮਾਲੀਏ ਵਿਚ ਵਾਧਾ ਹੋਵੇਗਾ ਜੋ ਖਜ਼ਾਨੇ ਦਾ ਸੰਕਟ ਹੱਲ ਕਰਨ ਵਿਚ ਮਦਦਗਾਰ ਹੋਵੇਗਾ।

ਇਸ ਤੋਂ ਇਲਾਵਾ ਨਵੀਂ ਕਰੰਸੀ ਛਾਪ ਕੇ ਵੀ ਖਜ਼ਾਨੇ ਦੇ ਸੰਕਟ ਨਾਲ ਨਜਿੱਠਿਆ ਜਾ ਸਕਦਾ ਹੈ।

# ਸੂਬਾ ਸਕੱਤਰੇਤ ਦੀ ਮੀਟਿੰਗ; 6 ਫਰਵਰੀ ਦੇ ਚੱਕਾ ਜਾਮ ਨੂੰ ਸੀਪੀਆਈ (ਐਮ) ਵੱਲੋਂ ਪੂਰਨ ਸਮਰਥਨ ਦਾ ਫੈਸਲਾ : ਕਾਮਰੇਡ ਸੇਖੋਂ

ਚੰਡੀਗੜ੍ਹ, 5 ਫਰਵਰੀ -ਨਿਊਜ਼ਲਾਈਨ ਐਕਸਪ੍ਰੈਸ ਬਿਊਰੋ- ਸੀਪੀਆਈ (ਐਮ) ਦੇ ਸੂਬਾ ਸਕੱਤਰੇਤ ਦੀ ਇਕ ਮੀਟਿੰਗ ਸਥਾਨਕ ਸੈਕਟਰ 30 ਵਿਚਲੇ ਪਾਰਟੀ ਦੇ ਸੂਬਾ ਦਫ਼ਤਰ ਚੀਮਾ ਭਵਨ ਵਿਖੇ ਕਾਮਰੇਡ ਗੁਰਚੇਤਨ ਸਿੰਘ ਬਾਸੀ ਦੀ ਪ੍ਰਧਾਨਗੀ ਹੇਠ ਹੋਈ।

ਮੀਟਿੰਗ ਦੇ ਫੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਦੱਸਿਆ ਕਿ ਮੀਟਿੰਗ ਦੇ ਸ਼ੁਰੂ ਵਿੱਚ ਕਿਸਾਨ ਅੰਦੋਲਨ ਦੌਰਾਨ ਸ਼ਹੀਦ ਹੋਏ ਸਾਥੀਆਂ ਨੂੰ ਸ਼ਰਧਾਂਜਲੀਆਂ ਦਿੱਤੀਆਂ ਗਈਆਂ। ਉਨ੍ਹਾਂ ਦੱਸਿਆ ਕਿ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਕਿਸਾਨ ਅੰਦੋਲਨ ਵੱਲੋਂ ਦਿੱਤੇ ਗਏ 6 ਫਰਵਰੀ ਦੇ ਚੱਕਾ ਜਾਮ ਨੂੰ ਸੀਪੀਆਈ (ਐਮ) ਵੱਲੋਂ ਪੂਰਨ ਸਮਰਥਨ ਦਿੱਤਾ ਜਾਵੇਗਾ। ਸੀਪੀਆਈ (ਐਮ) ਦੇ ਪੰਜਾਬ ਰਾਜ ਕਮੇਟੀ ਨੇ ਸਾਰੀ ਮੈਂਬਰਸ਼ਿਪ ਨੂੰ ਸੱਦਾ ਦਿੱਤਾ ਹੈ ਕਿ 6 ਫਰਵਰੀ ਨੂੰ 12 ਤੋਂ 3 ਵਜੇ ਤੱਕ ਹੋਣ ਵਾਲੇ ਚੱਕਾ ਜਾਮ ਦੇ ਐਕਸ਼ਨ ਨੂੰ ਜਥੇਬੰਦ ਕਰਨ ਲਈ ਮੋਹਰੀ ਭੂਮਿਕਾ ਨਿਭਾਈ ਜਾਵੇ। ਕਾਮਰੇਡ ਸੇਖੋਂ ਨੇ ਕਿਹਾ ਕਿ ਸੀਪੀਆਈ (ਐਮ) ਕਿਸਾਨ ਸੰਘਰਸ਼ ਨੂੰ ਪੂਰਾ ਸਮਰਥਨ ਦਿੰਦੀ ਆ ਰਹੀ ਹੈ, ਇਹ ਸਮਰਥਨ ਤਿੰਨੋਂ ਖੇਤੀ ਕਾਨੂੰਨਾਂ ਦੇ ਰੱਦ ਹੋਣ ਅਤੇ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ) ਨੂੰ ਕਾਨੂੰਨੀ ਦਰਜਾ ਦਿੱਤੇ ਜਾਣ ਤੱਕ ਜਾਰੀ ਰਹੇਗਾ। ਇਸ ਕਾਨੂੰਨ ਵਿੱਚ ਐਮਐਸਪੀ ਤੋਂ ਘੱਟ ਮੁੱਲ 'ਤੇ ਫ਼ਸਲ ਖਰੀਦਣ ਵਾਲੇ 'ਤੇ ਅਪਰਾਧਿਕ ਮਾਮਲਾ ਦਰਜ ਹੋਣ ਦਾ ਪ੍ਰਾਵਧਾਨ ਹੋਣਾ ਚਾਹੀਦਾ ਹੈ। ਮੀਟਿੰਗ ਵਿੱਚ ਦਿੱਲੀ ਦੀਆਂ ਸਰਹੱਦਾਂ 'ਤੇ 72 ਦਿਨਾਂ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੇ ਕਿਸਾਨਾਂ ਦੀ ਮੋਦੀ ਸਰਕਾਰ ਵੱਲੋਂ ਕੀਤੀ ਜਾ ਰਹੀ ਘੇਰਾਬੰਦੀ ਦੀ ਜ਼ੋਰਦਾਰ ਨਿੰਦਾ ਕੀਤੀ ਗਈ। ਦਿੱਲੀ ਪੁਲਿਸ ਕਿਸਾਨੀ ਸੰਘਰਸ਼ ਦੀ ਘੇਰਾਬੰਦੀ ਕਰਦੇ ਹੋਏ ਸਰਹੱਦਾਂ 'ਤੇ ਕੰਕਰੀਟ ਦੀਆਂ ਦੀਵਾਰਾਂ, ਨੁਕੀਲੇ ਸਰੀਏ ਗੱਢ ਕੇ ਅਤੇ ਹੋਰ ਕਈ ਤਰ੍ਹਾਂ ਦੀਆਂ ਰੋਕਾਂ ਲਗਾ ਰਹੀ ਹੈ ਜੋ ਕਿ ਅਣਮਨੁੱਖੀ ਹੈ। ਦੇਸ਼ ਦੇ ਸਮੁੱਚੇ ਕਿਸਾਨ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਦੇ ਹੋਏ ਦਿੱਲੀ ਦੀਆਂ ਸਰਹੱਦਾਂ 'ਤੇ ਆਪਣੀ ਹੋਂਦ ਬਚਾਉਣ ਦੀ ਲੜਾਈ ਲੜ ਰਹੇ ਹਨ। ਕਿਸਾਨੀ ਸੰਘਰਸ਼ ਨੂੰ ਹਰੇਕ ਵਰਗ ਦਾ ਸਮਰਥਨ ਮਿਲ ਰਿਹਾ ਹੈ।

ਮੋਦੀ ਸਰਕਾਰ ਨੇ ਕਿਸਾਨੀ ਸੰਘਰਸ਼ ਨੂੰ ਕੁਚਲਣ ਦੀ ਕੋਝੀ ਕੋਸ਼ਿਸ਼ ਕਰਦਿਆਂ ਭਾਜਪਾ-ਆਰਐਸਐਸ ਦੇ ਗੁੰਡਿਆਂ ਨੂੰ ਦਿੱਲੀ ਪੁਲਿਸ ਦੀ ਹਿਫਾਜ਼ਤ ਵਿੱਚ ਕਿਸਾਨਾਂ 'ਤੇ ਹਮਲੇ ਕਰਨ ਲਈ ਭੇਜਿਆ ਜੋ ਕਿ ਆਪਣੇ ਆਪ ਨੂੰ ਸਥਾਨਕ ਪਿੰਡਾਂ ਦੇ ਵਸਨੀਕ ਦੱਸ ਰਹੇ ਸਨ। ਜਦੋਂ ਕਿ ਸਥਾਨਕ ਵਸਨੀਕ ਸ਼ੁਰੂ ਤੋਂ ਹੀ ਇਸ ਸੰਘਰਸ਼ ਨੂੰ ਆਪਣਾ ਪੂਰਾ ਸਮਰਥਨ ਦੇ ਰਹੇ ਹਨ। ਸਰਹੱਦਾਂ ਦੇ ਲਾਗਲੇ ਪਿੰਡਾਂ ਦੇ ਵਸਨੀਕਾਂ ਨੇ ਇਹ ਗੱਲ ਸਾਫ਼ ਕੀਤੀ ਹੈ ਕਿ ਉਨ੍ਹਾਂ ਦਾ ਕਿਸਾਨੀ ਸੰਘਰਸ਼ ਨੂੰ ਪੂਰਾ ਸਮਰਥਨ ਹੈ ਤੇ ਕਿਸਾਨਾਂ 'ਤੇ ਹਮਲਾ ਕਰਨ ਆਏ ਲੋਕਾਂ 'ਚ ਉਹ ਬਿਲਕੁਲ ਸ਼ਾਮਲ ਨਹੀਂ ਸਨ। ਇਸ ਗੱਲ ਤੋਂ ਮੋਦੀ ਸਰਕਾਰ ਦੇ ਚਿੱਟੇ ਦਿਨ ਨੰਗੇ ਨਾਚ ਤੋਂ ਪਰਦਾ ਉੱਠਦਾ ਹੈ। ਅੱਜ ਦੀ ਮੀਟਿੰਗ ਵਿੱਚ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਲਹਿੰਬਰ ਸਿੰਘ ਤੱਗੜ, ਕਾਮਰੇਡ ਭੂਪ ਚੰਦ ਚੰਨੋ, ਕਾਮਰੇਡ ਗੁਰਦਰਸ਼ਨ ਸਿੰਘ ਖਾਸਪੁਰ, ਕਾਮਰੇਡ ਮੇਜਰ ਸਿੰਘ ਭਿੱਖੀਵਿੰਡ, ਕਾਮਰੇਡ ਬਲਬੀਰ ਸਿੰਘ ਜਾਡਲਾ ਤੇ ਕਾਮਰੇਡ ਕੁਲਵਿੰਦਰ ਸਿੰਘ ਉੱਡਤ ਸ਼ਾਮਲ ਸਨ।

# ਨਗਰ ਕੌਂਸਲ ਚੋਣਾਂ ; ਪਟਿਆਲਾ ਜ਼ਿਲ੍ਹੇ ਦੀਆਂ ਚਾਰ ਨਗਰ ਕੌਂਸਲ ਚੋਣਾਂ ਲਈ ਨਾਮਜ਼ਦਗੀਆਂ ਵਾਪਸ ਲੈਣ ਪਿੱਛੋਂ 438 ਉਮੀਦਵਾਰ ਚੋਣ ਮੈਦਾਨ 'ਚ

**➢ ਨਾਮਜ਼ਦਗੀਆਂ ਵਾਪਸੀ ਦੇ ਦਿਨ 170 ਉਮੀਦਵਾਰਾਂ ਨੇ ਕਾਗਜ਼ ਵਾਪਸ ਲਏ ➢ ਰਾਜਪੁਰਾ 'ਚ 47, ਸਮਾਣਾ 'ਚ 38, ਪਾਤੜਾਂ 'ਚ 25 ਅਤੇ ਨਾਭਾ 'ਚ 60 ਉਮੀਦਵਾਰਾਂ ਨੇ ਲਏ ਕਾਗਜ਼ ਵਾਪਸ**

ਰਾਜਪੁਰਾ/ਨਾਭਾ/ਸਮਾਣਾ/ਪਾਤੜਾਂ/ਪਟਿਆਲਾ, 5 ਫਰਵਰੀ - ਨਿਊਜ਼ਲਾਈਨ ਐਕਸਪ੍ਰੈਸ ਬਿਊਰੋ/ ਸ਼ੰਟੀ ਵਰਮਾ/ਵੇਦ ਚੰਦ ਮੰਡੌੜ/ ਪ੍ਰਦੀਪ- ਪਟਿਆਲਾ ਜ਼ਿਲ੍ਹੇ 'ਚ 14 ਫਰਵਰੀ ਨੂੰ ਹੋਣ ਵਾਲੀਆਂ ਨਗਰ ਕੌਂਸਲ ਰਾਜਪੁਰਾ, ਨਾਭਾ, ਸਮਾਣਾ ਅਤੇ ਪਾਤੜਾਂ ਦੀਆਂ ਚੋਣਾਂ 'ਚ 170 ਉਮੀਦਵਾਰਾਂ ਵੱਲੋਂ ਨਾਮਜ਼ਦਗੀਆਂ ਵਾਪਸ ਲੈਣ ਪਿਛੋਂ 438 ਉਮੀਦਵਾਰ ਚੋਣ ਮੈਦਾਨ 'ਚ ਰਹਿ ਗਏ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆ ਵਧੀਕ ਜ਼ਿਲ੍ਹਾ ਚੋਣ ਅਫ਼ਸਰ -ਕਮ- ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਅੱਜ ਨਾਮਜ਼ਦਗੀਆਂ ਵਾਪਸੀ ਦੇ ਦਿਨ 170 ਉਮੀਦਵਾਰਾਂ ਵੱਲੋਂ ਆਪਣੇ ਨਾਮਜ਼ਦਗੀ ਕਾਗਜ਼ ਵਾਪਸ ਲਏ ਗਏ ਹਨ ਅਤੇ ਹੁਣ ਚਾਰੋਂ ਨਗਰ ਕੌਂਸਲਾਂ 'ਚ ਕੁਲ ਉਮੀਦਵਾਰਾਂ ਦੀ ਗਿਣਤੀ 438 ਹੋ ਗਈ ਹੈ।




ਉਨ੍ਹਾਂ ਦੱਸਿਆ ਕਿ ਰਿਟਰਨਿੰਗ ਅਫ਼ਸਰ ਰਾਜਪੁਰਾ ਕੋਲ ਅੱਜ 47 ਉਮੀਦਵਾਰ ਵੱਲੋਂ ਨਾਮਜ਼ਦਗੀ ਕਾਗਜ਼ ਵਾਪਸ ਲਏ ਗਏ ਹਨ ਅਤੇ ਹੁਣ ਇਥੇ ਉਮੀਦਵਾਰਾਂ ਦੀ ਗਿਣਤੀ 123 ਹੋ ਗਈ ਹੈ। ਇਸੇ ਤਰ੍ਹਾਂ ਸਮਾਣਾ 'ਚ 38 ਉਮੀਦਵਾਰ ਨੇ ਕਾਗਜ਼ ਵਾਪਸ ਲਏ ਅਤੇ ਕੁਲ ਉਮੀਦਵਾਰ 110 ਹਨ, ਪਾਤੜਾਂ 'ਚ 25 ਉਮੀਦਵਾਰ ਵੱਲੋਂ ਕਾਗਜ਼ ਵਾਪਸ ਲਏ ਗਏ ਹਨ ਤੇ ਕੁਲ ਉਮੀਦਵਾਰ 109 ਹਨ ਅਤੇ ਨਾਭਾ 'ਚ 60 ਉਮੀਦਵਾਰ ਵੱਲੋਂ ਕਾਗਜ਼ ਵਾਪਸ ਲਏ ਗਏ ਹਨ ਅਤੇ ਹੁਣ ਕੁਲ ਉਮੀਦਵਾਰ 96 ਹਨ।

ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਨਗਰ ਕੌਂਸਲ ਚੋਣਾਂ ਲਈ ਚੋਣ ਪ੍ਰਚਾਰ ਮਿਤੀ 12 ਫਰਵਰੀ 2021 ਨੂੰ ਸਾਮ 5:00 ਵਜੇ ਤੱਕ ਕੀਤਾ ਜਾ ਸਕੇਗਾ।

ਵੋਟਾਂ ਪੈਣ ਦਾ ਕਾਰਜ ਮਿਤੀ 14 ਫਰਵਰੀ 2021 ਨੂੰ ਸਵੇਰੇ 08.00 ਵਜੇ ਤੋਂ ਸ਼ਾਮ 4 ਵਜੇ ਤੱਕ ਹੋਵੇਗਾ। ਵੋਟਾਂ ਦੀ ਗਿਣਤੀ 17 ਫਰਵਰੀ 2021 ਨੂੰ ਕੀਤੀ ਜਾਏਗੀ। ਉਨ੍ਹਾਂ ਦੱਸਿਆ ਕਿ ਚੋਣਾਂ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਜ਼ਿਲ੍ਹਾ ਪੱਧਰ 'ਤੇ ਜ਼ਿਲ੍ਹਾ ਪ੍ਰੀਸ਼ਦ ਕੰਪਲੈਕਸ ਦੇ ਕੰਮਰਾ ਨੰਬਰ 1 'ਚ ਕੰਟਰੋਲ ਰੂਮ ਸਥਾਪਤ ਕਰ ਦਿੱਤਾ ਗਿਆ ਹੈ, ਜਿਸ ਦਾ ਟੈਲੀਫੋਨ ਨੰਬਰ 0175-2311306 ਹੈ।

# ਵਿਜੀਲੈਂਸ ਨੇ ਜਨਵਰੀ ਮਹੀਨੇ ਰਿਸ਼ਵਤ ਦੇ 9 ਵੱਖ ਵੱਖ ਕੇਸਾਂ ਚ 12 ਮੁਲਾਜਮਾਂ ਨੂੰ ਕੀਤਾ ਕਾਬੂ

ਚੰਡੀਗੜ, 5 ਫਰਵਰੀ -ਨਿਊਜ਼ਲਾਈਨ ਐਕਸਪ੍ਰੈਸ ਬਿਊਰੋ- ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਜਨਵਰੀ ਮਹੀਨੇ ਦੌਰਾਨ ਰਿਸ਼ਵਤ ਦੇ 9 ਵੱਖ-ਵੱਖ ਕੇਸਾਂ ਵਿੱਚ ਰਿਸ਼ਵਤ ਲੈਣ ਵਾਲੇ 12 ਮੁਲਾਜਮਾਂ ਅਤੇ ਇੱਕ ਪ੍ਰਾਈਵੇਟ ਵਿਅਕਤੀ ਨੂੰ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਮੁੱਖ ਡਾਇਰੈਕਟਰ-ਕਮ-ਡੀ.ਜੀ.ਪੀ ਸ੍ਰੀ ਬੀ.ਕੇ. ਉੱਪਲ ਨੇ ਦੱਸਿਆ ਕਿ ਬਿਊਰੋ ਨੇ ਮੌਜੂਦਾ ਸਮੇਂ ਦੌਰਾਨ ਸਰਕਾਰੀ ਅਤੇ ਹੋਰ ਖੇਤਰਾਂ ਵਿਚ ਫੈਲੇ ਭ੍ਰਿਸ਼ਟਾਚਾਰ ਦੇ ਖਾਤਮੇ ਲਈ ਹਰ ਸੰਭਵ ਯਤਨ ਕੀਤੇ ਹਨ। ਵਿਜੀਲੈਂਸ ਅਧਿਕਾਰੀਆਂ ਨੇ ਇਹ ਯਕੀਨੀ ਬਣਾਇਆ ਹੈ ਕਿ ਸ਼ੱਕੀ ਵਿਅਕਤੀ ਵੱਖ-ਵੱਖ ਅਦਾਲਤਾਂ ਵਿੱਚ ਅਦਾਲਤੀ ਸਜਾਵਾਂ ਤੋਂ ਬਚ ਨਾ ਸਕਣ।

ਉਨਾਂ ਦੱਸਿਆ ਕਿ ਬਿਊਰੋ ਨੇ ਪਿਛਲੇ ਮਹੀਨੇ ਦੌਰਾਨ ਵੱਖ-ਵੱਖ ਅਦਾਲਤਾਂ ਵਿੱਚ 9 ਵਿਜੀਲੈਂਸ ਕੇਸਾਂ ਸਬੰਧੀ ਚਲਾਨ ਪੇਸ਼ ਕੀਤੇ। ਇਸੇ ਮਹੀਨੇ ਭ੍ਰਿਸ਼ਟਾਚਾਰ ਸੰਬੰਧੀ 6 ਮਾਮਲਿਆਂ ਦੀ ਪੂਰੀ ਜਾਂਚ ਲਈ ਵਿਜੀਲੈਂਸ ਪੜਤਾਲਾਂ ਵੀ ਦਰਜ ਕੀਤੀਆਂ ਗਈਆਂ। ਇਸ ਤੋਂ ਇਲਾਵਾ ਮੁਕੰਮਲ ਹੋਈਆਂ 5 ਵਿਜੀਲੈਂਸ ਪੜਤਾਲਾਂ ਦੇ ਅਧਾਰ 'ਤੇ ਮੁਕੱਦਮੇ ਵੀ ਦਰਜ ਕੀਤੇ ਗਏ ਹਨ।

# ਪੰਜਾਬ ਸਰਕਾਰ ਵੱਲੋਂ ਸੂਬਾ ਅਤੇ ਜ਼ਿਲ੍ਹਾ ਪੱਧਰੀ ਸੰਚਾਲਨ ਅਤੇ ਨਿਗਰਾਨ ਕਮੇਟੀਆਂ ਦਾ ਗਠਨ

ਚੰਡੀਗੜ੍ਹ, 5 ਫਰਵਰੀ -ਨਿਊਜ਼ਲਾਈਨ ਐਕਸਪ੍ਰੈਸ ਬਿਊਰੋ/ਰਾਕੇਸ਼- ਮਹਿਲਾ ਮੁਖੀ ਪਰਿਵਾਰਾਂ ਦੇ ਸ਼ਕਤੀਕਰਨ ਲਈ ਜ਼ਮੀਨੀ ਪੱਧਰ 'ਤੇ ਮਾਤਾ ਤ੍ਰਿਪਤਾ ਮਹਿਲਾ ਯੋਜਨਾ ਦੇ ਲਾਗੂਕਰਨ ਲਈ, ਪੰਜਾਬ ਸਰਕਾਰ ਨੇ ਸੂਬੇ ਤੋਂ ਜ਼ਿਲ੍ਹੇ ਤੱਕ ਵੱਖ-ਵੱਖ ਕਮੇਟੀਆਂ ਦਾ ਗਠਨ ਕੀਤਾ ਹੈ। ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਅਧਿਕਾਰਕ ਬੁਲਾਰੇ ਨੇ ਦੱਸਿਆ ਕਿ ਸੂਬਾ ਸਰਕਾਰ ਨੇ ਯੋਜਨਾ ਦੇ ਨਿਰਵਿਘਨ ਲਾਗੂਕਰਨ ਲਈ ਸੂਬਾ ਪੱਧਰੀ ਸੰਚਾਲਨ ਕਮੇਟੀ (ਐਸਐਲਐਸਸੀ), ਯੋਜਨਾਬੰਦੀ ਅਤੇ ਨਿਗਰਾਨ ਕਮੇਟੀ (ਪੀਐਮਸੀ) ਅਤੇ ਜ਼ਿਲ੍ਹਾ ਪੱਧਰੀ ਸੰਚਾਲਨ ਕਮੇਟੀ (ਡੀਐਲਐਸਸੀ) ਗਠਿਤ ਕੀਤੀ ਹੈ।

ਉਨ੍ਹਾਂ ਕਿਹਾ ਕਿ ਐਸਐਲਐਸਸੀ ਮੁੱਖ ਸਕੱਤਰ ਦੀ ਪ੍ਰਧਾਨਗੀ ਹੇਠ ਕੰਮ ਕਰੇਗੀ, ਜਦੋਂ ਕਿ ਵਿੱਤ ਕਮਿਸ਼ਨਰ, ਪੇਂਡੂ ਵਿਕਾਸ ਤੇ ਪੰਚਾਇਤਾਂ ਅਤੇ ਵਿੱਤ, ਸਮਾਜਿਕ ਨਿਆਂ ਸ਼ਕਤੀਕਰਨ ਅਤੇ ਘੱਟ ਗਿਣਤੀਆਂ, ਯੋਜਨਾਬੰਦੀ, ਸਥਾਨਕ ਸਰਕਾਰਾਂ, ਸਿਹਤ ਤੇ ਪਰਿਵਾਰ ਭਲਾਈ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਦੇ ਪ੍ਰਮੁੱਖ ਸਕੱਤਰ ਇਸ ਦੇ ਮੈਂਬਰ ਹੋਣਗੇ ਅਤੇ ਪ੍ਰਮੁੱਖ ਸਕੱਤਰ, ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਐਸਐਲਐਸਸੀ ਦੇ ਮੈਂਬਰ ਸਕੱਤਰ ਵਜੋਂ ਕੰਮ ਕਰਨਗੇ।

ਇਸੇ ਤਰ੍ਹਾਂ ਯੋਜਨਾਬੰਦੀ ਅਤੇ ਨਿਗਰਾਨ ਕਮੇਟੀ ਦੇ ਚੇਅਰਪਰਸਨ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਦੇ ਪ੍ਰਮੁੱਖ ਸਕੱਤਰ ਹੋਣਗੇ। ਉਨ੍ਹਾਂ ਦੱਸਿਆ ਕਿ ਪੀਐਮਸੀ ਦੇ 10 ਮੈਂਬਰ ਹੋਣਗੇ, ਜਿਸ ਵਿੱਚ ਵਿੱਤ, ਯੋਜਨਾਬੰਦੀ, ਸਮਾਜਿਕ ਨਿਆਂ ਸ਼ਕਤੀਕਰਨ ਅਤੇ ਘੱਟ ਗਿਣਤੀਆਂ, ਕਿਰਤ, ਸਥਾਨਕ ਸਰਕਾਰਾਂ, ਸਿਹਤ ਅਤੇ ਪਰਿਵਾਰ ਭਲਾਈ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ, ਉਚੇਰੀ ਸਿੱਖਿਆ, ਸਕੂਲ ਸਿੱਖਿਆ ਵਿਭਾਗ ਦੇ ਪ੍ਰਬੰਧਕੀ ਸਕੱਤਰ (ਜਾਂ ਉਨ੍ਹਾਂ ਦੇ ਪ੍ਰਤੀਨਿਧੀ ਵਿਸ਼ੇਸ਼ ਸਕੱਤਰ ਦੇ ਅਹੁਦੇ ਤੋਂ ਹੇਠਾਂ ਨਹੀਂ) ਸ਼ਾਮਲ ਹੋਣਗੇ। ਕਮੇਟੀ ਵਿੱਚ ਵਿੱਤ ਕਮਿਸ਼ਨਰ, ਪੇਂਡੂ ਵਿਕਾਸ ਅਤੇ ਪੰਚਾਇਤਾਂ ਜਾਂ ਉਨ੍ਹਾਂ ਦੇ ਪ੍ਰਤੀਨਿਧੀ ਜੋ ਵਿਸ਼ੇਸ਼ ਸਕੱਤਰ ਦੇ ਅਹੁਦੇ ਤੋਂ ਹੇਠਾਂ ਨਹੀਂ ਹਨ, ਵੀ ਸ਼ਾਮਲ ਹੋਣਗੇ। ਇਸੇ ਤਰ੍ਹਾਂ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਦੇ ਡਾਇਰੈਕਟਰ ਮੈਂਬਰ ਸਕੱਤਰ ਵਜੋਂ ਕੰਮ ਕਰਨਗੇ।

ਬੁਲਾਰੇ ਨੇ ਦੱਸਿਆ ਕਿ ਹਰੇਕ ਜ਼ਿਲ੍ਹੇ ਵਿੱਚ ਜ਼ਿਲ੍ਹਾ ਪੱਧਰੀ ਸੰਚਾਲਨ ਕਮੇਟੀ (ਡੀਐਲਐੱਸਸੀ) ਦਾ ਗਠਨ ਹੋਵੇਗਾ, ਜਿਸ ਵਿੱਚ ਸਬੰਧਤ ਡਿਪਟੀ ਕਮਿਸ਼ਨਰ ਚੇਅਰਪਰਸਨ ਵਜੋਂ ਕੰਮ ਕਰਨਗੇ, ਜਦੋਂ ਕਿ ਵਧੀਕ ਡਿਪਟੀ ਕਮਿਸ਼ਨਰ (ਡੀ), ਕਮਿਸ਼ਨਰ ਕਾਰਪੋਰੇਸ਼ਨ, ਸਿਵਲ ਸਰਜਨ, ਜ਼ਿਲ੍ਹਾ ਸਿੱਖਿਆ ਅਧਿਕਾਰੀ, ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਧਿਕਾਰੀ, ਮੁੱਖ ਖੇਤੀਬਾੜੀ ਅਧਿਕਾਰੀ, ਜ਼ਿਲ੍ਹਾ ਸਮਾਜਿਕ ਨਿਆਂ ਤੇ ਸ਼ਕਤੀਕਰਨ ਅਧਿਕਾਰੀ, ਸਿਵਲ ਸੁਸਾਇਟੀ ਸੰਸਥਾਵਾਂ/ਐਨ.ਜੀ.ਓਜ਼. ਦੇ ਦੋ ਨੁਮਾਇੰਦੇ ਮੈਂਬਰ ਵਜੋਂ ਕੰਮ ਕਰਨਗੇ। ਇਸ ਦੇ ਨਾਲ ਹੀ ਜ਼ਿਲ੍ਹਾ ਪ੍ਰੋਗਰਾਮ ਅਧਿਕਾਰੀ ਡੀਐਲਐਸਸੀ ਦੇ ਮੈਂਬਰ ਕਨਵੀਨਰ ਵਜੋਂ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਇਸ ਸਬੰਧੀ ਨੋਟੀਫਿਕੇਸ਼ਨ ਪਹਿਲਾਂ ਹੀ ਜਾਰੀ ਕਰ ਦਿੱਤੇ ਗਏ ਹਨ।

# ਨਾਭਾ ਸ਼ਹਿਰ ਵਿੱਚ "ਆਪ" ਦੇ ਉਮੀਦਵਾਰਾਂ ਨੇ ਝਾੜੂ ਨਾਲ ਸਫਾਈ ਕਰਕੇ ਸ਼ੁਰੂ ਕੀਤੀ ਚੋਣ ਮੁਹਿੰਮ



ਨਾਭਾ, 5 ਫਰਵਰੀ -ਨਿਊਜ਼ਲਾਈਨ ਐਕਸਪ੍ਰੈਸ ਬਿਊਰੋ/ਵੇਦ ਚੰਦ ਮੰਡੌੜ- ਆਮ ਆਦਮੀ ਪਾਰਟੀ ਨੇ ਨਗਰ ਕੌਂਸਲ ਨਾਭਾ ਦੀਆ ਚੋਣਾ ਦੀ ਸੁਰੂਆਤ ਵੱਖਰੇ ਤਰੀਕੇ ਨਾਲ ਕਰਦਿਆਂ ਮੇਘ ਚੰਦ ਸੇਰ ਮਾਜਰਾ ਪ੍ਰਧਾਨ ਜਿਲਾ ਪਟਿਆਲਾ ਦਿਹਾਤੀ ਦੀ ਪ੍ਰਧਾਨਗੀ ਵਿੱਚ ਨਾਭਾ ਦੇ ਪੁਰਾਣੇ ਕਿਲੇ ਦੇ ਬਾਹਰ " ਸਫਾਈ ਅਭਿਆਨ " ਦੀ ਸੁਰੂਆਤ ਕੀਤੀ । ਇਸ ਮੌਕੇ ਆਮ ਆਦਮੀ ਪਾਰਟੀ ਦੇ ਸਾਰੇ ਵਾਰਡਾਂ ਦੇ ਉਮੀਦਵਾਰਾ ਨੇ ਹੱਥਾ ਵਿੱਚ ਝਾੜੂ ਫੜ ਕੇ ਸਫਾਈ ਕੀਤੀ ਤੇ ਨਾਭਾ ਨਿਵਾਸੀਆ ਨੂੰ 14 ਫਰਵਰੀ ਨੂੰ " ਝਾੜੂ " ਨੂੰ ਵੋਟਾ ਪਾਉਣ ਲਈ ਬੈਨਤੀ ਕੀਤੀ । ਮੇਘ ਚੰਦ ਸੇਰ ਮਾਜਰਾ ਨੇ ਕਿਹਾ ਕਿ ਸਾਡੀ ਪਾਰਟੀ ਦੇ ਉਮੀਦਵਾਰ ਆਮ ਪਰਿਵਾਰਾ ਦੇ ਆਮ ਲੋਕ ਹਨ ਜੋ ਕਿ ਨਾਭਾ ਨੂੰ ਬਚਾਉਣ ਲਈ ਇਮਾਨਦਾਰੀ ਨਾਲ ਇਲੈਕਸਨ ਲੜ ਰਹੇ ਹਨ । ਇਸ ਮੌਕੇ ਗੁਰਦੇਵ ਸਿੰਘ ਦੇਵ ਮਾਨ ਸਾ ਹਲਕਾ ਇੰਚਾਰਜ , ਜੱਸੀ ਸੋਹੀਆ ਨੇ ਵਰਿੰਦਰ ਬਿੱਟੂ ਨੇ ਸਾਰੇ ਉਮੀਦਵਾਰਾ ਨੂੰ ਤਕੜੇ ਹੋ ਕੇ ਚੋਣ ਲੜਨ ਲਈ ਕਿਹਾ । ਇਸ ਮੌਕੇ ਆਮ ਆਦਮੀ ਪਾਰਟੀ ਦੇ ਲੀਡਰ ਸੁਰਿੰਦਰ ਪਾਲ ਸਰਮਾ , ਨਰਿੰਦਰ ਸਰਮਾ , ਡਾ ਜਸਵੰਤ ਕਪੂਰ , ਗੁਰਪ੍ਰੀਤ ਗੋਪੀ , ਸਵਰਨਜੀਤ ਦੋਦਾ , ਜਗਵਿੰਦਰ ਪੂਨੀਆ , ਭੁਪਿੰਦਰ ਕੱਲਰਮਾਜਰੀ , ਸਿਮਰਨ ਚੌਹਾਨ , ਰਾਜਿੰਦਰ ਮੋਹਲ , ਹਰਮੀਕ ਬਾਜਵਾ , ਜੋਗਾ ਸਿੰਘ , ਮਨਪ੍ਰੀਤ ਸਿੰਘ , ਰਾਜੂ ਵਰਮਾ , ਮਾਸਟਰ ਬਲਵਿੰਦਰ ਤੇ ਵੱਡੀ ਗਿਣਤੀ ਵਿੱਚ ਪਾਰਟੀ ਵੰਲਟੀਅਰ ਵੀ ਮੌਜੂਦ ਸਨ ।

# ਕੋਵਿਡ ਟੀਕਾਕਰਣ ਮੁਹਿੰਮ: ਪੰਜਾਬ ਵਿਚ 3859 ਪੁਲਿਸ ਕਰਮਚਾਰੀਆਂ ਨੇ ਲਗਵਾਇਆ ਟੀਕਾ

## ਮੁਹਿੰਮ ਦੇ ਚੌਥੇ ਦਿਨ ਏ.ਡੀ.ਜੀ.ਪੀ., 3 ਆਈ.ਜੀ.ਪੀ ਅਤੇ 4 ਐਸ.ਐਸ.ਪੀਜ਼ ਸਮੇਤ 1900 ਪੁਲਿਸ ਕਰਮੀਆਂ ਨੇ ਲਗਵਾਇਆ ਟੀਕਾ ਡੀਜੀਪੀ ਵਲੋਂ ਟੀਕਾ ਲਗਵਾਉਣ ਵਾਲੇ ਪੁਲਿਸ ਮੁਲਾਜ਼ਮਾ ਦੀ ਸ਼ਲਾਘਾ



ਚੰਡੀਗੜ, 5 ਫਰਵਰੀ - ਨਿਊਜ਼ਲਾਈਨ ਐਕਸਪ੍ਰੈਸ ਬਿਊਰੋ- ਕੋਵਿਡ -19 ਟੀਕਾਕਰਣ ਮੁਹਿੰਮ ਤਹਿਤ ਮਹਿਜ਼ 4 ਦਿਨਾਂ ਵਿੱਚ ਟੀਕਾ ਲਗਵਾਉਣ ਵਾਲੇ ਪੰਜਾਬ ਪੁਲਿਸ ਕਰਮਚਾਰੀਆਂ ਦੀ ਕੁੱਲ ਗਿਣਤੀ 3859 ਤੱਕ ਪਹੁੰਚ ਗਈ ਹੈ। ਰਾਜ ਭਰ ਵਿਚ ਅੱਜ ਕੁੱਲ 1900 ਪੁਲਿਸ ਮੁਲਾਜ਼ਮਾਂ ਵਲੋਂ ਟੀਕਾ ਲਗਵਾਇਆ ਗਿਆ। ਇਕੋ ਦਿਨ ਵਿਚ 372 ਪੁਲਿਸ ਕਰਮਚਾਰੀਆਂ ਨੂੰ ਟੀਕਾ ਲਗਵਾਉਣ ਵਾਲਾ ਲੁਧਿਆਣਾ ਪੁਲਿਸ ਕਮਿਸ਼ਨਰੇਟ ਮੋਹਰੀ ਰਿਹਾ। ਮੁਹਿੰਮ ਦੇ ਚੌਥੇ ਦਿਨ ਟੀਕਾ ਲਗਵਾਉਣ ਵਾਲੇ ਸੀਨੀਅਰ ਅਧਿਕਾਰੀਆਂ ਵਿਚ ਵਧੀਕ ਡਾਇਰੈਕਟਰ ਜਨਰਲ ਆਫ ਪੁਲਿਸ (ਏਡੀਜੀਪੀ) ਕਾਨੂੰਨ ਤੇ ਵਿਵਸਥਾ ਈਸਵਰ ਸਿੰਘ, ਇੰਸਪੈਕਟਰ ਜਨਰਲ ਆਫ ਪੁਲਿਸ (ਆਈਜੀਪੀ) ਕਾਨੂੰਨ ਤੇ ਵਿਵਸਥਾ ਅਜੇ ਕੁਮਾਰ ਪਾਂਡੇ, ਵਿਜੀਲੈਂਸ ਬਿਊਰੋ ਦੇ ਦੋ ਆਈਜੀਪੀਜ਼ ਲਕਸਮੀ ਕਾਂਤ ਯਾਦਵ ਅਤੇ ਵਿਭੂ ਰਾਜ ਤੋਂ ਇਲਾਵਾ ਚਾਰ ਸੀਨੀਅਰ ਸੁਪਰਡੈਂਟ ਆਫ ਪੁਲਿਸ (ਐਸਐਸਪੀ) ਅਤੇ ਚਾਰ ਕਮਾਂਡੈਂਟ ਸ਼ਾਮਲ ਸਨ।

ਡੀ.ਜੀ.ਪੀ. ਦਿਨਕਰ ਗੁਪਤਾ ਨੇ ਉਹਨਾਂ ਸਾਰੇ ਪੁਲਿਸ ਕਰਮੀਆਂ ਦੀ ਸਲਾਘਾ ਕੀਤੀ ਜੋ ਸਵੈ-ਇੱਛਾ ਨਾਲ ਖੁਦ ਨੂੰ ਅਤੇ ਆਪਣੇ ਲੋਕਾਂ ਨੂੰ ਕਰੋਨਾ ਮਹਾਂਮਾਰੀ ਤੋਂ ਬਚਾਉਣ ਲਈ ਟੀਕਾ ਲਗਵਾਉਣ ਲਈ ਅੱਗੇ ਆਏ।

ਜਿਕਰਯੋਗ ਹੈ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਮੰਗਲਵਾਰ ਨੂੰ ਪੁਲਿਸ ਹੈੱਡਕੁਆਰਟਰ ਵਿਖੇ ਫਰੰਟਲਾਈਨ ਵਰਕਰਾਂ ਲਈ ਕੋਵਿਡ-19 ਟੀਕਾਕਰਣ ਮੁਹਿੰਮ ਦੇ ਦੂਜੇ ਪੜਾਅ ਦੀ ਸੁਰੂਆਤ ਕੀਤੀ ਗਈ ਸੀ।

# ਪੰਜਾਬ ਸਰਕਾਰ ਵਲੋਂ 14 ਫਰਵਰੀ ਨੂੰ ਵੋਟਰਾਂ ਲਈ ਤਨਖਾਹ ਸਮੇਤ ਛੁੱਟੀ ਦਾ ਐਲਾਨ

ਚੰਡੀਗੜ੍ਹ, 5 ਫਰਵਰੀ -ਨਿਊਜ਼ਲਾਈਨ ਐਕਸਪ੍ਰੈਸ ਬਿਊਰੋ- ਪੰਜਾਬ ਸਰਕਾਰ ਵਲੋਂ 14 ਫਰਵਰੀ, 2021 ਨੂੰ ਉਹਨਾਂ ਜ਼ਿਲ੍ਹਿਆਂ ਦੇ ਵੋਟਰਾਂ ਲਈ ਤਨਖਾਹ ਸਮੇਤ ਛੁੱਟੀ ਦਾ ਐਲਾਨ ਕੀਤਾ ਗਿਆ ਹੈ ਜਿਹਨਾਂ ਦੀਆਂ ਨਗਰ ਨਿਗਮਾਂ, ਨਗਰ ਕੌਂਸਲਾਂ, ਨਗਰ ਪੰਚਾਇਤਾਂ ਵਿਚ ਆਮ ਚੋਣਾਂ ਅਤੇ ਨਗਰ ਨਿਗਮ / ਨਗਰ ਕੌਂਸਲਾਂ / ਨਗਰ ਪੰਚਾਇਤਾਂ ਦੇ ਕੁਝ ਵਾਰਡਾਂ ਵਿਚ ਜ਼ਿਮਨੀ ਚੋਣਾਂ ਹੋਣੀਆਂ ਹਨ।

# ਸਫ਼ਾ 1 ਦੀ ਬਾਕੀ

## ਪ੍ਰਨੀਤ ਕੌਰ ਵੱਲੋਂ ਨਾਭਾ ਨਗਰ ਕੌਂਸਲ ਚੋਣਾਂ ਲਈ ਕਾਂਗਰਸੀ ਉਮੀਦਵਾਰਾਂ ਦੇ ਹੱਕ 'ਚ ਚੋਣ ਪ੍ਰਚਾਰ

(ਸਫ਼ਾ 1 ਦੀ ਬਾਕੀ)

ਆਪਣੇ ਇਲਾਕੇ ਦੇ ਲੋਕਾਂ ਦੀਆਂ ਮੁਸ਼ਕਿਲਾਂ ਬਾਰੇ ਚੰਗੀ ਤਰ੍ਹਾਂ ਜਾਣਦੀਆਂ ਹਨ, ਇਸ ਲਈ ਮਹਿਲਾਵਾਂ ਅਤੇ ਮਰਦਾਂ ਨੂੰ ਮਿਲਕੇ ਆਪਣੇ ਇਲਾਕੇ ਦੇ ਵਿਕਾਸ ਲਈ ਹੰਭਲਾ ਮਾਰਨਾ ਚੰਗੀ ਗੱਲ ਹੈ।

ਸ੍ਰੀਮਤੀ ਪ੍ਰਨੀਤ ਕੌਰ ਨੇ ਇੱਕ ਪਾਸੇ ਪੰਜਾਬ ਸਰਕਾਰ ਲੋਕਾਂ ਦੀ ਬਾਂਹ ਫੜ ਰਹੀ ਹੈ ਪਰੰਤੂ ਬਹੁਤ ਅਫ਼ਸੋਸ ਦੀ ਗੱਲ ਹੈ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਸੰਸਦ ਮੈਂਬਰਾਂ ਤੋਂ ਐਮ.ਪੀ. ਲੈਡ ਫੰਡ ਵੀ ਖੋਹ ਕੇ ਲੋਕਾਂ ਨੂੰ ਵਿਕਾਸ ਤੋਂ ਵਾਂਝੇ ਕਰ ਦਿੱਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਇਸ ਮੁੱਦੇ 'ਤੇ ਮੋਦੀ ਸਰਕਾਰ ਤੋਂ ਜਵਾਬ ਵੀ ਮੰਗਿਆ ਸੀ ਪਰੰਤੂ ਕੇਂਦਰ ਸਰਕਾਰ ਨੇ ਕੋਈ ਜਵਾਬ ਨਹੀਂ ਦਿੱਤਾ ਅਤੇ ਇਹ ਮੁੱਦਾ ਉਹ ਸੰਸਦ 'ਚ ਵੀ ਉਠਾਉਣਗੇ।

ਸ੍ਰੀਮਤੀ ਪ੍ਰਨੀਤ ਕੌਰ ਨੇ ਹੋਰ ਕਿਹਾ ਕਿ ਕਿਸਾਨਾਂ ਦੇ ਮੁੱਦੇ ਨਾਲ ਪੰਜਾਬ ਦਾ ਘਰ-ਘਰ ਜੁੜਿਆ ਹੋਇਆ ਹੈ ਅਤੇ ਕਾਂਗਰਸ ਨੇ ਕੇਂਦਰ ਦੀ ਮੋਦੀ ਸਰਕਾਰ ਨੂੰ ਪੂਰੀ ਤਰ੍ਹਾਂ ਘੇਰਿਆ ਹੋਇਆ ਹੈ ਤਾਂ ਕਿ ਕਿਸਾਨ ਵਿਰੋਧੀ ਕਾਲੇ ਕਾਨੂੰਨ ਤੁਰੰਤ ਮਨਸੂਖ ਕੀਤੇ ਜਾਣ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਅੱਜ ਪੂਰੇ ਵਿਸ਼ਵ ਭਰ 'ਚ ਭਾਰਤ ਸਰਕਾਰ ਦੀ ਕਿਰਕਿਰੀ ਹੋ ਰਹੀ ਹੈ ਅਤੇ ਪੰਜਾਬ ਸਮੇਤ ਦੇਸ਼ ਦਾ ਬੱਚਾ-ਬੱਚਾ ਕਿਸਾਨਾਂ ਦੇ ਹੱਕ 'ਚ ਖੜ੍ਹਾ ਹੋਇਆ, ਇਸ ਲਈ ਕੇਂਦਰ ਸਰਕਾਰ ਨੂੰ ਕਿਸਾਨ ਵਿਰੋਧੀ ਕਾਨੂੰਨ ਵਾਪਸ ਲੈਣੈ ਹੀ ਪੈਣਗੇ।

ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ. ਸਾਧੂ ਸਿੰਘ ਧਰਮਸੋਤ ਨੇ ਜੋ ਕਿਹਾ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਜੋ ਕਿਹਾ ਉਹ ਕਰਕੇ ਦਿਖਾਇਆ ਹੈ। ਸ. ਧਰਮਸੋਤ ਨੇ ਦੱਸਿਆ ਕਿ ਨਾਭਾ ਸ਼ਹਿਰ ਲਈ ਮੁੱਖ ਮੰਤਰੀ ਨੇ ਖ਼ਜ਼ਾਨੇ ਦਾ ਮੂੰਹ ਖੋਲ੍ਹ ਦਿੱਤਾ ਹੈ, ਕਿਉਂਕਿ ਪਿਛਲੀ ਅਕਾਲੀ ਭਾਜਪਾ ਸਰਕਾਰ ਨੇ ਨਾਭੇ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ, ਇਸ ਲਈ ਹੁਣ ਇੱਥੇ ਪੜਾਅਵਾਰ ਸਾਰੇ ਬਕਾਇਆ ਕੰਮ ਪੂਰੇ ਕਰਵਾਏ ਜਾ ਰਹੇ ਹਨ।

ਇਸ ਮੌਕੇ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਉਹ ਜਿੱਤ ਕੇ ਆਪਣੇ ਵਾਰਡਾਂ ਦੀਆਂ ਲੋਕਾਂ ਦੀਆਂ ਉਮੀਦਾਂ 'ਤੇ ਪੂਰੀ ਤਰ੍ਹਾਂ ਖਰੇ ਉਤਰਨਗੇ। ਜਦੋਂਕਿ ਸਥਾਨਕ ਲੋਕਾਂ ਨੇ ਵਿਸ਼ਵਾਸ਼ ਦੁਆਇਆ ਕਿ ਉਹ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੂੰ ਭਾਰੀ ਬਹੁਮਤ ਨਾਲ ਜਿਤਾਉਣਗੇ।

ਇਸ ਮੌਕੇ ਪੰਜਾਬ ਸਮਾਜ ਭਲਾਈ ਬੋਰਡ ਦੇ ਚੇਅਰਪਰਸਨ ਤੇ ਅਬਜਰਵਰ ਗੁਰਸ਼ਰਨ ਕੌਰ ਰੰਧਾਵਾ, ਜਸਵਿੰਦਰ ਸਿੰਘ ਰੰਧਾਵਾ, ਪ੍ਰਚਾਰ ਕਮੇਟੀ ਚੇਅਰਮੈਨ ਵੇਦ ਪ੍ਰਕਾਸ਼ ਡੱਲਾ, ਨਿਜੀ ਸਕੱਤਰ ਬਲਵਿੰਦਰ ਸਿੰਘ, ਚੇਅਰਮੈਨ ਜਗਜੀਤ ਸਿੰਘ ਦੁਲੱਦੀ, ਪਰਮਜੀਤ ਸਿੰਘ ਖੱਟੜਾ, ਇਛਿਆਮਾਨ ਸਿੰਘ ਭੋਜੋਮਾਜਰੀ, ਬਲਵਿੰਦਰ ਸਿੰਘ ਢੀਂਗੀ, ਰਜਨੀਸ਼ ਮਿੱਤਲ ਸ਼ੈਂਟੀ ਅਤੇ ਵੱਡੀ ਗਿਣਤੀ ਕਾਂਗਰਸ ਪਾਰਟੀ ਦੇ ਹੋਰ ਆਗੂ ਅਤੇ ਵਰਕਰ ਮੌਜੂਦ ਸਨ।

## ਹਰਿਆਣਾ ਦੇ ਡਿਪਟੀ ਸੀ.ਐੱਮ ਵੱਲੋਂ ਖਪਤਕਾਰਾਂ ਦੀ ਸਹੂਲਤ ਲਈ ਈ-ਫਾਈਲਿੰਗ ਪੋਰਟਲ ਲਾਂਚ

(ਸਫ਼ਾ 1 ਦੀ ਬਾਕੀ)

ਖਪਤਕਾਰਾਂ ਦੇ ਹਿੱਤ ਵਿਚ ਰਾਜ ਸਰਕਾਰ ਵੱਲੋਂ ਚੁਕਿਆ ਗਿਆ ਇਹ ਬਹੁਤ ਵੱਡਾ ਕਦਮ ਹੈ। ਉਹ ਕਿਤੋਂ ਵੀ ਆਪਣੀ ਸ਼ਿਕਾਇਤ ਈ-ਫਾਈਲਿੰਗ ਰਾਹੀਂ ਦਰਜ ਕਰਵਾ ਸਕਦੇ ਹਨ। ਇਹ ਹੀ ਨਹੀਂ ਆਪਣੀ ਸ਼ਿਕਾਇਤ ਦਾ ਸਟੇਟਸ ਵੀ ਆਨਲਾਇਨ ਦੇਖ ਸਕਦੇ ਹਨ।

ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਵਧੀਕ ਮੁੱਖ ਸਕੱਤਰ ਪੀ.ਕੇ. ਦਾਸ ਨੇ ਦਸਿਆ ਕਿ ਖਪਤਕਾਰਾਂ ਦੇ ਕੇਸ ਆਨਲਾਇਨ ਦਰਜ ਕਰਵਾਉਣ ਦੀ ਪ੍ਰਕ੍ਰਿਆ ਬਹੁਤ ਹੀ ਸਰਲ ਹੈ। ਖਪਤਕਾਰ ਉਕਤ ਪ੍ਰਕ੍ਰਿਆ ... ਵੈਸਾਇਟ 'ਤੇ ਹਿੰਦੀ ਤੇ ਅੰਗ੍ਰੇਜੀ ਭਾਸ਼ਾ ਵਿਚ ਅਪਲੋਡ ਕੀਤੀ ਗਈ ਵੀਡੀਓ ਤੋਂ ਵੀ ਸਿੱਖ ਸਕਦੇ ਹਨ। ਉਨ੍ਹਾਂ ਨੇ ਦਸਿਆ ਕਿ ਸੱਭ ਤੋਂ ਪਹਿਲਾਂ ਖਪਤਕਾਰ ਨੂੰ ਸਵੈ ਦੀ ਆਪਣੀ ਈ-ਮੇਲ ਆਈਡੀ ਰਾਹੀਂ ਰਜਿਸਟਰਡ ਕਰਵਾਉਣਾ ਹੁੰਦਾ ਹੈ, ਫਿਰ ਵੈਬਸਾਇਟ 'ਤੇ ਦਿੱਤੇ ਗਏ ਕ੍ਰਮ ਦਾ ਅਨੂਕਰਣ ਕਰਦੇ ਹੋਏ ਸਾਰੀ ਪ੍ਰਕ੍ਰਿਆ ਅਪਣਾਉਣੀ ਹੋਵੇਗੀ।

ਉਨ੍ਹਾਂ ਨੇ ਇਹ ਵੀ ਦਸਿਆ ਕਿ ਸਾਲ 2020 ਵਿਚ ਜਿੱਥੇ ਰਾਜ ਖਪਤਕਾਰ ਵਿਵਾਦ ਹੱਲ ਆਯੋਗ ਵਿਚ ਕੁੱਲ 597 ਮਾਮਲੇ ਆਏ ਉੱਥੇ ਸੂਬੇ ਦੇ ;ਸਾਰੇ ਜਿਲ੍ਹਾ ਖਪਤਕਾਰ ਵਿਵਾਦ ਹੱਲ ਆਯੋਗਾਂ ਵਿਚ ਕੁੱਲ 8614 ਮਾਮਲੇ ਦਰਜ ਕਰਵਾਏ ਗਏ। ਉਨ੍ਹਾਂ ਨੇ ਕਿਹਾ ਕਿ ਹੁਣ ਈ-ਫਾਈਲਿੰਗ ਪੋਰਟਲ ਦੀ ਸ਼ੁਰੂਆਤ ਹੋਣ ਨਾਲ ਖਪਤਕਾਰਾਂ ਨੂੰ ਕਾਫੀ ਸਹੂਲਤ ਹੋਵੇਗੀ।

## ਪਾਬੰਦੀਆਂ ਦੇ ਬਾਵਜੂਦ ਉਤਰ ਪ੍ਰਦੇਸ਼ ....

(ਸਫ਼ਾ 1 ਦੀ ਬਾਕੀ)

ਇਨਕਾਰ ਕਰ ਦਿੱਤਾ ਸੀ ਤੇ ਧਾਰਾ 144 ਤਹਿਤ ਪਾਬੰਦੀਆਂ ਲਾਈਆਂ ਗਈਆਂ ਸਨ। ਪਰ ਇਸ ਦੇ ਬਾਵਜੂਦ ਲੋਕ ਵੱਡੀ ਗਿਣਤੀ ਵਿਚ ਜੁੜੇ। ਉੱਤਰ ਪ੍ਰਦੇਸ਼ ਵਿਚ ਮੁਜੱਫਰਨਗਰ, ਮਥੁਰਾ ਤੇ ਬਾਗਪਤ ਤੋਂ ਬਾਅਦ ਇਹ ਚੌਥਾ ਵੱਡਾ ਇਕੱਠ ਹੈ। ਇਸ ਤੋਂ ਇਲਾਵਾ ਹਰਿਆਣਾ ਵਿਚ ਵੀ ਕਿਸਾਨਾਂ ਦੇ ਕਈ ਵੱਡੇ ਇਕੱਠ ਹੋ ਚੁੱਕੇ ਹਨ। 'ਕਿਸਾਨ ਪੰਚਾਇਤ' ਵਿਚ ਕਈ 'ਖਾਪ' ਆਗੂ, ਭਾਰਤੀ ਕਿਸਾਨ ਯੂਨੀਅਨ ਦੇ ਮੈਂਬਰ ਤੇ ਆਰਐੱਲਡੀ ਦੇ ਮੀਤ ਪ੍ਰਧਾਨ ਜੈਅੰਤ ਚੌਧਰੀ ਨੇ ਸ਼ਿਰਕਤ ਕੀਤੀ। ਇਲਾਕੇ ਵਿਚ ਵੱਡੀ ਗਿਣਤੀ ਸੁਰੱਖਿਆ ਕਰਮੀ ਤਾਇਨਾਤ ਕੀਤੇ ਗਏ ਸਨ।

## ਖੇਤੀ ਕਾਨੂੰਨਾਂ 'ਚ ਕੋਈ ਖਾਮੀ ਨਹੀਂ: ਤੋਮਰ

(ਸਫ਼ਾ 1 ਦੀ ਬਾਕੀ)

ਪ੍ਰਣਾਲੀ ਖਤਮ ਨਹੀਂ ਹੋਵੇਗੀ। ਉਨ੍ਹਾਂ ਕਿਹਾ ਕਿ ਕਾਨੂੰਨਾਂ 'ਚ ਸੋਧ ਦੀ ਪੇਸ਼ਕਸ਼ ਕੀਤੇ ਜਾਣ ਦੇ ਬਾਵਜੂਦ ਕਿਸਾਨ ਅੰਦੋਲਨ ਕਰ ਰਹੇ ਹਨ। 'ਇਕ ਸੂਬੇ ਦੇ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ।' ਇਸ 'ਤੇ ਕੁਝ ਵਿਰੋਧੀ ਪਾਰਟੀਆਂ ਦੇ ਆਗੂਆਂ ਨੇ ਕਿਹਾ ਕਿ ਕਿਸਾਨ ਅੰਦੋਲਨ ਸਿਰਫ ਇਕ ਸੂਬੇ ਤੱਕ ਸੀਮਤ ਨਹੀਂ ਹੈ ਤਾਂ ਤੋਮਰ ਨੇ ਜੋਰ ਦੇ ਕੇ ਕਿਹਾ ਕਿ ਇਹ ਸਿਰਫ ਇਕ ਸੂਬੇ ਦਾ ਹੀ ਮਸਲਾ ਹੈ। ਉਨ੍ਹਾਂ ਕਿਹਾ ਕਿ ਖੇਤੀ ਕਾਨੂੰਨਾਂ ਬਾਰੇ ਕਿਸਾਨਾਂ ਨੂੰ ਭੜਕਾ ਕੇ ਗੁੰਮਰਾਹ ਕੀਤਾ ਜਾ ਰਿਹਾ ਹੈ ਕਿ ਇਹ ਕਾਨੂੰਨ ਲਾਗੂ ਹੋਣ ਨਾਲ ਉਨ੍ਹਾਂ ਦੇ ਖੇਤ ਖੋਹ ਲਏ ਜਾਣਗੇ। 'ਕਿਰਪਾ ਕਰਕੇ ਤੁਸੀਂ ਮੈਨੂੰ ਐਕਟ ਦੀ ਇਕ ਵੀ ਮੱਦ ਬਾਰੇ ਦੱਸੋ ਜਿਸ 'ਚ ਕਾਰੋਬਾਰੀ ਕਿਸਾਨਾਂ ਤੋਂ ਜਮੀਨ ਖੋਹ ਕੇ ਲੈ ਜਾਣਗੇ। ਪਰ ਲੋਕਾਂ ਨੂੰ ਭੜਕਾਇਆ ਜਾ ਰਿਹਾ ਹੈ ਕਿ ਉਹ ਆਪਣੀ ਜਮੀਨ ਤੋਂ ਹੱਥ ਧੋ ਲੈਣਗੇ।' ਰਾਜ ਸਭਾ ਵਿੱਚ ਰਾਸ਼ਟਰਪਤੀ ਦੇ ਭਾਸ਼ਣ ਸਬੰਧੀ ਧੰਨਵਾਦੀ ਮਤੇ 'ਤੇ ਪਿਛਲੇ ਤਿੰਨ ਦਿਨਾਂ ਤੋਂ ਜਾਰੀ ਬਹਿਸ ਵਿੱਚ 25 ਪਾਰਟੀਆਂ ਦੇ 50 ਬੁਲਾਰਿਆਂ ਨੇ ਹਿੱਸਾ ਲਿਆ। ਇਸ ਚਰਚਾ ਵਿੱਚ ਭਾਜਪਾ ਦੇ 18, ਕਾਂਗਰਸ ਦੇ ਸੱਤ ਅਤੇ ਹੋਰ ਵਿਰੋਧੀ ਪਾਰਟੀਆਂ ਦੇ 25 ਸੰਸਦ ਮੈਂਬਰਾਂ ਨੇ ਹਿੱਸਾ ਲਿਆ। ਇਸੇ ਦੌਰਾਨ ਕਾਂਗਰਸ, ਸ਼ਿਵ ਸੈਨਾ, ਸ਼੍ਰੋਮਣੀ ਅਕਾਲੀ ਦਲ, ਰਾਸ਼ਟਰਵਾਦੀ ਕਾਂਗਰਸ ਪਾਰਟੀ, ਸਮਾਜਵਾਦੀ ਪਾਰਟੀ, ਬਹੁਜਨ ਸਮਾਜ ਪਾਰਟੀ ਤੇ ਖੱਬੀ ਪੱਖੀ ਪਾਰਟੀਆਂ ਵੱਲੋਂ ਤਿੰਨੋਂ ਨਵੇਂ ਖੇਤੀ ਕਾਨੂੰਨ ਰੱਦ ਕਰਨ ਦੀ ਮੰਗ ਕੀਤੀ ਗਈ। -ਪੀਟੀਆਈ

**ਤੋਮਰ ਨੇ ਰਾਜ ਸਭਾ 'ਚ ਕਾਨੂੰਨਾਂ ਦਾ ਹਰ ਪੱਖ ਸਪੱਸ਼ਟ ਕੀਤਾ: ਮੋਦੀ**

ਨਵੀਂ ਦਿੱਲੀ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਖੇਤੀ ਮੰਤਰੀ ਨਰੇਂਦਰ ਸਿੰਘ ਤੋਮਰ ਵੱਲੋਂ ਰਾਜ ਸਭਾ ਵਿਚ ਖੇਤੀ ਕਾਨੂੰਨਾਂ ਬਾਰੇ ਦਿੱਤੀ ਜਾਣਕਾਰੀ ਲਈ ਉਨ੍ਹਾਂ ਦੀ ਸ਼ਲਾਘਾ ਕੀਤੀ ਹੈ।

ਮੋਦੀ ਨੇ ਕਿਹਾ ਕਿ ਤੋਮਰ ਨੇ ਕਾਨੂੰਨਾਂ ਦੇ ਹਰ ਪੱਖ ਬਾਰੇ ਵਿਸਥਾਰ ਵਿਚ ਜਾਣਕਾਰੀ ਦਿੱਤੀ ਹੈ। ਟਵੀਟ ਕਰਦਿਆਂ ਪ੍ਰਧਾਨ ਮੰਤਰੀ ਮੋਦੀ ਨੇ ਤੋਮਰ ਦੇ ਭਾਸ਼ਣ ਦਾ ਵੀਡੀਓ ਲਿੰਕ ਪੋਸਟ ਕੀਤਾ ਤੇ ਲੋਕਾਂ ਨੂੰ ਇਸ ਨੂੰ ਸੁਣਨ ਦੀ ਬੇਨਤੀ ਕੀਤੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸੋਮਵਾਰ ਨੂੰ ਪ੍ਰਸ਼ਨਕਾਲ ਤੋਂ ਬਾਅਦ ਮਤੇ ਬਾਰੇ ਜਵਾਬ ਦੇਣਗੇ।

## ਦਿੱਲੀ ਦੇ ਬਾਰਡਰਾਂ 'ਤੇ ਬੈਰੀਕੇਡਿੰਗ ਤੇ ਕੰਡਿਆਲੀ ਤਾਰ 'ਬਰਲਿਨ ਦੀ ਕੰਧ' ਤੇ 'ਨਜਰਬੰਦੀ ਕੈਂਪਾਂ'....

(ਸਫ਼ਾ 1 ਦੀ ਬਾਕੀ)

ਕਰਕੇ ਨਿਵੇਕਲੀਆਂ ਮੁਸ਼ਕਲਾਂ ਦਰਪੇਸ਼ ਸਨ। ਬਾਜਵਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕੋਲ ਸਰਦਾਰ ਪਟੇਲ ਦੇ ਰੁਤਬੇ ਦਾ ਨੀਤੀਵਾਨ ਬਣਨ ਦਾ ਮੌਕਾ ਹੈ। ਉਹ ਦਿੱਲੀ ਦੇ ਬਾਰਡਰਾਂ 'ਤੇ ਬੈਠੇ ਕਿਸਾਨਾਂ ਨੂੰ ਮਿਲ ਕੇ ਇਨ੍ਹਾਂ ਕਾਨੂੰਨਾਂ ਨੂੰ ਰੱਦ ਕਰਨ। ਉਨ੍ਹਾਂ ਦਿੱਲੀ ਦੇ ਬਾਰਡਰਾਂ ਨੂੰ ਅਫਗਾਨਿਸਤਾਨ, ਲਿਬੀਆ, ਇਰਾਕ ਤੇ ਯੁਗਾਂਡਾ ਨਾਲ ਮੇਲਦਿਆਂ ਕਿਹਾ ਕਿ ਇਹ ਦੇਸ਼ ਮਹਾਤਮਾ ਗਾਂਧੀ ਦਾ ਦੇਸ਼ ਨਹੀਂ ਰਿਹਾ ਤੇ 'ਲੋਕ ਤੁਹਾਡੇ 'ਤੇ ਕਿਵੇਂ ਯਕੀਨ ਕਰ ਸਕਦੇ ਹਨ। ਤੁਸੀਂ ਕੰਡਿਆਲੀਆਂ ਤਾਰਾਂ ਲਾ ਛੱਡੀਆਂ ਹਨ...ਜਿਨ੍ਹਾਂ ਨੂੰ ਵੇਖ ਕੇ ਇੰਜ ਲਗਦਾ ਜਿਵੇਂ ਬਰਲਿਨ ਦੀ ਕੰਧ ਉਸਾਰੀ ਹੋਵੇ...ਤੁਸੀਂ ਦਿੱਲੀ ਦੇ ਬਾਰਡਰਾਂ ਨੂੰ 'ਨਜਰਬੰਦੀ ਕੈਂਪਾਂ' ਦੀ ਸ਼ਕਲ ਦੇ ਦਿੱਤੀ ਹੈ।

**ਖੇਤੀ ਕਾਨੂੰਨ ਲਿਆ ਕੇ ਸੰਘੀ ਪ੍ਰਬੰਧ ਨੂੰ ਕਮਜੋਰ ਕਰ ਰਹੀ ਹੈ ਮੋਦੀ ਸਰਕਾਰ: ਢੀਂਡਸਾ**

ਸ਼੍ਰੋਮਣੀ ਅਕਾਲੀ ਦਲ ਦੇ ਆਗੂ ਸੁਖਦੇਵ ਸਿੰਘ ਢੀਂਡਸਾ ਨੇ ਬਹਿਸ ਵਿੱਚ ਹਿੱਸਾ ਲੈਂਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨੂੰ ਖੁਦ ਦਖਲ ਦੇ ਕੇ ਕਿਸਾਨਾਂ ਦੀ ਗੱਲ ਸੁਣਨੀ ਚਾਹੀਦੀ ਹੈ। ਢੀਂਡਸਾ ਨੇ ਕਿਹਾ ਕਿ ਜਦੋਂ ਖੇਤੀ ਕਾਨੂੰਨਾਂ ਬਾਰੇ ਆਰਡੀਨੈਂਸ ਲਿਆਂਦੇ ਗਏ ਸੀ ਤਾਂ ਉਨ੍ਹਾਂ ਉਸ ਮੌਕੇ ਪ੍ਰਧਾਨ ਮੰਤਰੀ ਨੂੰ ਲਿਖਿਆ ਸੀ, ਪਰ ਕੋਈ ਜਵਾਬ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਖੇਤੀ ਰਾਜਾਂ ਦਾ ਵਿਸ਼ਾ ਹੈ ਤੇ ਕੇਂਦਰ ਸਰਕਾਰ ਖੇਤੀ ਕਾਨੂੰਨਾਂ ਨੂੰ ਲਿਆ ਕੇ ਸੰਘੀ ਪ੍ਰਬੰਧ ਨੂੰ ਕਮਜੋਰ ਕਰ ਰਹੀ ਹੈ। ਸਿੱਖਾਂ ਵੱਲੋਂ ਦੇਸ਼ ਦੀ ਆਜਾਦੀ ਲਈ ਲੜੇ ਸੰਘਰਸ਼ ਵਿੱਚ ਸਿੱਖਾਂ ਦੇ ਯੋਗਦਾਨ 'ਤੇ ਰੌਸ਼ਨੀ ਪਾਉਂਦਿਆਂ ਢੀਂਡਸਾ ਨੇ ਕਿਹਾ ਕਿ ਹੁਣ ਸਿੱਖਾਂ ਨੂੰ 'ਖਾਲਿਸਤਾਨੀ' ਤੇ 'ਅਤਿਵਾਦੀ' ਦੱਸਿਆ ਜਾ ਰਿਹੈ। ਉਨ੍ਹਾਂ ਕਿਹਾ ਕਿ ਐੱਮਐੱਸਪੀ ਨਿਰਧਾਰਿਤ ਕਰਨ ਲਈ ਕੋਈ ਵਿਗਿਆਨਕ ਤਰੀਕਾ ਫਿਕਰ ਕੀਤਾ ਜਾਣਾ ਚਾਹੀਦਾ ਹੈ।

## ਸੱਚ ਬੋਲਣ ਵਾਲੇ 'ਤੇ ਗੱਦਾਰ ਤੇ ਦੇਸ਼ ਧ੍ਰੋਹੀ ਦਾ...

(ਸਫ਼ਾ 1 ਦੀ ਬਾਕੀ)

ਜਾਣਿਆ ਜਾਂਦਾ ਸੀ ਤੇ ਹੁਣ ਜਦੋਂ ਉਹ ਆਪਣੇ ਹੱਕਾਂ ਲਈ ਦਿੱਲੀ ਦੀਆਂ ਹੱਦਾਂ 'ਤੇ ਲੜ ਰਹੇ ਹਨ ਤਾਂ ਉਨ੍ਹਾਂ ਨੂੰ ਦੇਸ਼ ਵਿਰੋਧੀ ਦੱਸਿਆ ਜਾ ਰਿਹਾ ਹੈ। ਸ਼ਿਵ ਸੈਨਾ ਆਗੂ ਨੇ ਕਿਹਾ ਕਿ ਦਿੱਲੀ ਦੀਆਂ ਹੱਦਾਂ 'ਤੇ ਬੈਠੇ ਪੰਜਾਬ, ਹਰਿਆਣਾ ਅਤੇ ਪੱਛਮੀ ਉੱਤਰ ਪ੍ਰਦੇਸ਼ ਦੇ ਕਿਸਾਨ ਦੇਸ਼ ਭਰ ਦੇ ਕਿਸਾਨਾਂ ਲਈ ਲੜ ਰਹੇ ਹਨ।

ਉਨ੍ਹਾਂ ਮੰਗ ਕੀਤੀ ਕਿ ਇਨ੍ਹਾਂ ਪ੍ਰਦਰਸ਼ਨਕਾਰੀ ਕਿਸਾਨਾਂ ਦੀ ਆਵਾਜ ਨੂੰ ਸੁਣਦੇ ਹੋਏ ਨਵੇਂ ਖੇਤੀ ਕਾਨੂੰਨ ਰੱਦ ਕੀਤੇ ਜਾਣੇ ਚਾਹੀਦੇ ਹਨ। ਉਨ੍ਹਾਂ ਕਿਹਾ, "ਕੌਮੀ ਝੰਡੇ ਦਾ ਅਪਮਾਨ ਕਰਨ ਵਾਲਾ ਦੀਪ ਸਿੱਧੂ ਅਜੇ ਤੱਕ ਫੜਿਆ ਕਿਉਂ ਨਹੀਂ ਗਿਆ? ਕਿਸੇ ਦੇ ਕਹਿਣ 'ਤੇ ਉਹ ਕੰਮ ਕਰ ਰਿਹਾ ਹੈ?" ਇਕ ਪੱਤਰਕਾਰ ਤੇ ਇਕ ਅਦਾਕਾਰਾ 'ਤੇ ਵਰ੍ਹਦਿਆਂ ਸ੍ਰੀ ਰਾਊਤ ਨੇ ਸਰਕਾਰ 'ਤੇ ਬਾਲਾਕੋਟ ਹਮਲੇ ਸਬੰਧੀ ਜਾਣਕਾਰੀ ਲੀਕ ਕਰ ਕੇ ਸਰਕਾਰੀ ਭੇਤ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਨੂੰ ਬਚਾਉਣ ਦਾ ਦੋਸ਼ ਵੀ ਲਗਾਇਆ।

## ਭਾਰਤ ਦੀ ਮੰਗ, ਡਿਪਲੋਮੈਟਿਕ ਮਿਸ਼ਨਾਂ ਦੀ ਸੁਰੱਖਿਆ ਯਕੀਨੀ ਬਣਾਵੇ ਕੈਨੇਡਾ

(ਸਫ਼ਾ 1 ਦੀ ਬਾਕੀ)

ਨੇ ਤਿੰਨ ਖੇਤੀ ਕਾਨੂੰਨਾਂ ਦਾ ਵਿਰੋਧ ਕਰ ਰਹੇ ਕਿਸਾਨਾਂ ਨੂੰ ਸਮਰਥਨ ਨਹੀਂ ਦਿੱਤਾ ਹੈ ਹਾਲਾਂਕਿ ਕੈਨੇਡਾ, ਅਮਰੀਕਾ ਅਤੇ ਯੂਕੇ ਵਰਗੇ ਅੰਤਰਰਾਸਟਰੀ ਸਥਾਨਾਂ 'ਤੇ ਭਾਰਤੀ ਮੂਲ ਦੇ ਲੋਕਾਂ ਵੱਲੋਂ ਇਸ ਸਮੱਸਿਆ 'ਤੇ ਵਿਰੋਧ ਪ੍ਰਦਰਸਨ ਕੀਤੇ ਜਾ ਰਹੇ ਹਨ। ਇਸ ਦੌਰਾਨ ਕੈਨੇਡੀਅਨ ਅਧਿਕਾਰੀਆਂ ਨੇ ਚਿੰਤਾ ਦੇ ਮੁੱਦਿਆਂ 'ਤੇ ਵਿਚਾਰ ਵਟਾਂਦਰੇ ਲਈ ਕਿਸਾਨਾਂ ਨਾਲ ਚੱਲ ਰਹੀ ਗੱਲਬਾਤ ਲਈ ਭਾਰਤ ਸਰਕਾਰ ਦੀ ਵਚਨਬੱਧਤਾ ਦਾ ਸਵਾਗਤ ਕੀਤਾ ਹੈ।"

ਭਾਰਤ-ਕੈਨੇਡੀਅਨ ਸੰਬੰਧਾਂ ਨੇ 2019-20 ਵਿਚਾਲੇ ਊਰਜਾ ਅਤੇ ਇੰਡੋ-ਪੈਸੀਫਿਕ ਖੇਤਰ ਦੇ ਨਾਲ-ਨਾਲ ਵੱਖ-ਵੱਖ ਖੇਤਰਾਂ 'ਤੇ ਪੁਨਰ-ਸੁਰਜੀਤੀ ਦੇ ਸੰਕੇਤ ਦਿਖਾਏ ਸਨ। ਸਿੱਖ ਕੱਟੜਪੰਥੀਆਂ ਨੇ ਹਾਲ ਹੀ ਵਿਚ ਅਮਰੀਕਾ, ਬ੍ਰਿਟੇਨ ਅਤੇ ਜਰਮਨੀ ਵਿਚਲੇ ਭਾਰਤੀ ਮਿਸਨਾਂ ਦੇ ਬਾਹਰ ਪ੍ਰਦਰਸਨਾਂ ਵਿਚ ਹਿੱਸਾ ਲਿਆ ਸੀ। ਵਾਸਿੰਗਟਨ ਵਿਚ, 12 ਦਸੰਬਰ ਨੂੰ ਖਾਲਿਸਤਾਨੀ ਤੱਤਾਂ ਦੁਆਰਾ ਭਾਰਤੀ ਦੂਤਘਰ ਦੇ ਪ੍ਰਵੇਸ ਦੁਆਰ 'ਤੇ ਮਹਾਤਮਾ ਗਾਂਧੀ ਦੇ ਬੁੱਤ ਨੂੰ ਭੰਗ ਕਰ ਦਿੱਤਾ ਗਿਆ ਸੀ, ਇਟਲੀ ਵਿਚ ਭਾਰਤੀ ਮਿਸਨ ਨੂੰ ਹਾਲ ਹੀ ਵਿਚ ਨਿਸ਼ਾਨਾ ਬਣਾਇਆ ਗਿਆ ਸੀ।

## ਦੇਸ਼ ਭਰ 'ਚ ਕਿਸਾਨਾਂ ਵਲੋਂ ਚੱਕਾ ਜਾਮ ਅੱਜ

(ਸਫ਼ਾ 1 ਦੀ ਬਾਕੀ)

ਕਿ ਉਹ ਸਰਕਾਰੀ ਅਧਿਕਾਰੀਆਂ, ਮੁਲਾਜ਼ਮਾਂ ਜਾਂ ਆਮ ਨਾਗਰਿਕਾਂ ਨਾਲ ਨਾ ਉਲਝਣ ਅਤੇ ਖ਼ੁਦ ਵੀ ਚੌਕਸੀ ਰੱਖਣ ਕਿ ਕੋਈ ਸ਼ਰਾਰਤੀ ਅਨਸਰ ਮਾਹੌਲ ਵਿਗਾੜਨ ਦੀ ਕੋਸ਼ਿਸ਼ ਨਾ ਕਰੇ। ਉਨ੍ਹਾਂ ਸਪੱਸ਼ਟ ਕੀਤਾ ਕਿ ਸੰਯੁਕਤ ਕਿਸਾਨ ਮੋਰਚੇ ਵੱਲੋਂ ਦਿੱਲੀ ਦੇ ਅੰਦਰ ਕੋਈ ਚੱਕਾ ਜਾਮ ਨਹੀਂ ਕੀਤਾ ਜਾਵੇਗਾ ਕਿਉਂਕਿ ਪਹਿਲਾਂ ਹੀ ਧਰਨਿਆਂ ਨੂੰ ਜਾਂਦੀਆਂ ਸੜਕਾਂ ਬੰਦ ਹਨ ਅਤੇ ਪੁਲੀਸ ਨੇ ਵੀ ਆਮ ਲੋਕਾਂ ਦੇ ਜਾਣ ਉੱਤੇ ਰੋਕਾਂ ਲਾਈਆਂ ਹੋਈਆਂ ਹਨ।



ਕਿਸਾਨ ਆਗੂ ਨੇ ਦੱਸਿਆ ਕਿ ਚੱਕਾ ਜਾਮ ਦੌਰਾਨ ਦੁਪਹਿਰ 12 ਤੋਂ 3 ਵਜੇ ਦੌਰਾਨ ਵਾਹਨਾਂ ਦੇ ਹਾਰਨ ਵਜਾ ਕੇ 'ਕਿਸਾਨ ਏਕਤਾ' ਦਾ ਸੰਦੇਸ਼ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਖੇਤੀ ਕਾਨੂੰਨ ਰੱਦ ਕਰਨੇ ਪੈਣਗੇ ਕਿਉਂਕਿ ਕਿਸਾਨ ਅੰਦੋਲਨ ਹੁਣ ਕੌਮਾਂਤਰੀ ਪਛਾਣ ਬਣਾ ਚੁੱਕਾ ਹੈ ਪਰ ਕੇਂਦਰ ਸਰਕਾਰ ਦੇ ਕੰਨਾਂ ਉਪਰ ਜੂੰ ਨਹੀਂ ਸਰਕ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਪੂੰਜੀਪਤੀਆਂ ਦੇ ਹੱਕ ਵਿੱਚ ਖੜ੍ਹ ਕੇ ਦੇਸ਼ ਦੇ ਅੰਨਦਾਤੇ ਦਾ ਜੀਵਨ ਤਬਾਹ ਕਰਨ 'ਚ ਲੱਗੀ ਹੋਈ ਹੈ।

**ਕਾਂਗਰਸ ਵੱਲੋਂ ਚੱਕਾ ਜਾਮ ਦਾ ਸਮਰਥਨ**

ਨਵੀਂ ਦਿੱਲੀ: ਕਾਂਗਰਸ ਨੇ ਕਿਸਾਨ ਯੂਨੀਅਨਾਂ ਵੱਲੋਂ ਦਿੱਤੇ 6 ਫਰਵਰੀ ਦੇ ਦੇਸ਼ਵਿਆਪੀ ਚੱਕਾ ਜਾਮ ਦੇ ਸੱਦੇ ਦਾ ਸਮਰਥਨ ਕਰਦਿਆਂ ਕਿਹਾ ਕਿ ਪ੍ਰਦਰਸ਼ਨ ਦੌਰਾਨ ਪਾਰਟੀ ਵਰਕਰ ਕਿਸਾਨਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਨਗੇ। ਕਾਂਗਰਸ ਦੇ ਜਨਰਲ ਸਕੱਤਰ ਕੇ.ਸੀ. ਵੇਣੂਗੋਪਾਲ ਨੇ ਕਿਹਾ ਕਿ ਇਸ ਅੰਦੋਲਨ 'ਚ ਪਾਰਟੀ ਦਾ ਕਿਸਾਨਾਂ ਨੂੰ ਪੂਰਾ ਸਮਰਥਨ ਹੈ। ਕਾਂਗਰਸ ਨੇ ਖੇਤੀ ਮੰਤਰੀ ਨਰੇਂਦਰ ਸਿੰਘ ਤੋਮਰ ਵੱਲੋਂ ਰਾਜ ਸਭਾ 'ਚ ਖੇਤੀ ਕਾਨੂੰਨਾਂ ਨੂੰ ਜਾਇਜ ਠਹਿਰਾਉਣ 'ਤੇ ਉਨ੍ਹਾਂ ਦੀ ਨਿਖੇਧੀ ਵੀ ਕੀਤੀ। -ਪੀਟੀਆਈ

**ਚੱਕਾ ਜਾਮ ਤੋਂ ਘਬਰਾਈ ਦਿੱਲੀ ਪੁਲੀਸ ਨੇ ਚੌਕਸੀ ਵਧਾਈ**

ਨਵੀਂ ਦਿੱਲੀ (- ਕੌਮੀ ਰਾਜਧਾਨੀ ਦੀਆਂ ਸਰਹੱਦਾਂ 'ਤੇ ਲੱਗੇ ਤਿੰਨ ਮੋਰਚਿਆਂ ਸਿੰਘੂ, ਗਾਜ਼ੀਪੁਰ ਤੇ ਟਿੱਕਰੀ ਉਪਰ ਇੰਟਰਨੈੱਟ ਦੀ ਸਹੂਲਤ ਬਹਾਲ ਕਰਨ ਅਤੇ ਗ੍ਰਿਫ਼ਤਾਰ ਕਿਸਾਨ ਅੰਦੋਲਨਕਾਰੀਆਂ ਨੂੰ ਰਿਹਾਅ ਕਰਨ ਦੀ ਮੰਗ ਨੂੰ ਲੈ ਕੇ ਭਲਕੇ ਕਿਸਾਨਾਂ ਵੱਲੋਂ ਕੀਤੇ ਜਾ ਰਹੇ 'ਚੱਕਾ ਜਾਮ' ਤੋਂ ਪਹਿਲਾਂ ਦਿੱਲੀ ਪੁਲੀਸ ਨੇ ਚੌਕਸੀ ਵਧਾ ਦਿੱਤੀ ਹੈ। ਉਂਜ ਕਿਸਾਨਾਂ ਵੱਲੋਂ ਦਿੱਲੀ ਅੰਦਰ ਚੱਕਾ ਜਾਮ ਨਾ ਕਰਨ ਦਾ ਐਲਾਨ ਕੀਤਾ ਹੈ ਪਰ 26 ਜਨਵਰੀ ਦੀਆਂ ਘਟਨਾਵਾਂ ਤੋਂ ਡਰੀ ਪੁਲੀਸ ਕੋਈ ਜੋਖ਼ਮ ਨਹੀਂ ਉਠਾਉਣਾ ਚਾਹੁੰਦੀ ਹੈ। ਇਸ ਦੌਰਾਨ ਦਿੱਲੀ ਪੁਲੀਸ ਕਮਿਸ਼ਨਰ ਐੱਸ ਐੱਨ ਸ੍ਰੀਵਾਸਤਵ ਨੇ ਸੀਨੀਅਰ ਅਧਿਕਾਰੀਆਂ ਨਾਲ ਬੈਠਕ ਕਰਕੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ। ਪੁਲੀਸ ਵੱਲੋਂ ਸੋਸ਼ਲ ਮੀਡੀਆ ਉਪਰ ਵੀ ਨਜ਼ਰ ਰੱਖੀ ਜਾ ਰਹੀ ਹੈ। ਅਧਿਕਾਰੀ ਚਿਨਮਯ ਬਿਸਵਾਲ ਨੇ ਕਿਹਾ,"26 ਜਨਵਰੀ ਨੂੰ ਵਾਪਰੀਆਂ ਘਟਨਾਵਾਂ ਦੇ ਮੱਦੇਨਜ਼ਰ ਦਿੱਲੀ ਦੇ ਬਾਰਡਰਾਂ ਦੀ ਸੁਰੱਖਿਆ ਵਧਾਈ ਗਈ ਹੈ ਅਤੇ ਸੋਸ਼ਲ ਮੀਡੀਆ ਦੀ ਸਮੱਗਰੀ ਵੀ ਨਿਗਰਾਨੀ ਹੇਠ ਹੈ। ਹੋਰ ਰਾਜਾਂ ਦੀ ਪੁਲੀਸ ਦੇ ਸੰਪਰਕ ਵਿੱਚ ਵੀ ਦਿੱਲੀ ਪੁਲੀਸ ਹੈ।" ਚੱਕਾ ਜਾਮ ਨੂੰ ਦੇਖਦਿਆਂ ਦਿੱਲੀ ਦੇ ਬਾਹਰੀ-ਉੱਤਰੀ ਜ਼ਿਲ੍ਹਿਆਂ ਵਿੱਚ ਸੁਰੱਖਿਆ ਦੇ ਵਾਧੂ ਪ੍ਰਬੰਧ ਕੀਤੇ ਗਏ ਹਨ। ਡੀਸੀਪੀ (ਪੂਰਬੀ) ਦੀਪਕ ਯਾਦਵ ਨੇ ਦੱਸਿਆ ਕਿ ਕਿਸਾਨਾਂ ਵੱਲੋਂ ਦਿੱਲੀ 'ਚ ਦਾਖ਼ਲ ਨਾ ਹੋਣ ਦਾ ਐਲਾਨ ਕੀਤਾ ਹੈ ਪਰ ਫਿਰ ਵੀ ਪੁਲੀਸ ਦੀ ਢੁੱਕਵੀਂ ਹਾਜ਼ਰੀ ਰਹੇਗੀ।

## ਥਾਪਰ ਯੂਨੀਵਰਸਿਟੀ ਵਿਖੇ 2 ਰੋਜ਼ਾ ਟ੍ਰੇਨਿੰਗ ਕੈਂਪ ਦਾ ਆਯੋਜਨ

# ਪਾਣੀ ਦੇ ਮਹੱਤਵ ਬਾਰੇ ਲੋਕਾਂ ਨੂੰ ਜਾਗਰੂਕ ਕਰੇਗੀ 'ਇਮਪੈਕਟ' ਸੰਸਥਾ




ਪਟਿਆਲਾ, 5 ਫਰਵਰੀ -ਨਿਊਜ਼ਲਾਈਨ ਐਕਸਪ੍ਰੈਸ ਬਿਊਰੋ- ਪਟਿਆਲਾ ਤੇ ਫਤਿਹਗੜ੍ਹ ਸਾਹਿਬ ਜ਼ਿਲ੍ਹਿਆਂ ਦੇ 408 ਪਿੰਡਾਂ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ 24 ਘੰਟੇ ਯਕੀਨੀ ਬਣਾਉਣ ਦੇ ਪ੍ਰੋਜੈਕਟ 'ਤੇ ਪਾਣੀ ਦੇ ਮਹੱਤਵ ਬਾਰੇ ਸਰਕਾਰ ਲੋਕਾਂ ਨੂੰ ਜਾਗਰੂਕ ਕਰੇਗੀ। ਲੋਕਾਂ ਨੂੰ ਜਾਗਰੂਕ ਕਰਨ ਲਈ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵੱਲੋਂ ਗੈਰ-ਸਰਕਾਰੀ ਸੰਸਥਾ ਇਮਪੈਕਟ ਨੂੰ ਇਸਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਇਸ ਦੀ ਜਾਣਕਾਰੀ ਸਰਫੇਸ ਵਾਟਰ ਪ੍ਰੋਜੈਕਟ ਪਟਿਆਲਾ ਅਤੇ ਫਤਿਹਗੜ੍ਹ ਸਾਹਿਬ ਜ਼ਿਲ੍ਹਿਆਂ ਦੇ ਪ੍ਰੋਜੈਕਟ ਡਾਇਰੈਕਟਰ ਇੰਜੀਨੀਅਰ ਸੁਖਮਿੰਦਰ ਸਿੰਘ ਪੰਧੇਰ ਨੇ ਥਾਪਰ ਯੂਨੀਵਰਸਿਟੀ ਵਿਖੇ ਆਯੋਜਿਤ 2 ਰੋਜ਼ਾ ਟ੍ਰੇਨਿੰਗ ਦਾ ਉਦਘਾਟਨ ਕਰਦੇ ਹੋਈ ਦਿੱਤੀ। ਇਮਪੈਕਟ ਸੰਸਥਾ ਦੀ ਫੀਲਡ ਟੀਮ ਨੂੰ ਟ੍ਰੇਨਿੰਗ ਦੇ ਮਕਸਦ ਨਾਲ ਕੈਂਪ ਦਾ ਆਯੋਜਨ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਵੱਲੋਂ ਕੀਤਾ ਗਿਆ।

ਇੰਜੀਨੀਅਰ ਪੰਧੇਰ ਨੇ ਦੱਸਿਆ ਕਿ ਇਸ ਪ੍ਰੋਜੈਕਟ ਵਿੱਚ ਇੰਜੀਨੀਅਰਿੰਗ ਅਤੇ ਸੋਸ਼ਲ ਟੀਮਾਂ ਮਿਲ ਕੇ ਪਿੰਡਾਂ ਦੇ ਲੋਕਾਂ ਦੀਆਂ ਪਾਣੀ ਨਾਲ ਸਬੰਧਤ ਮੌਜੂਦਾ ਸਮੱਸਿਆਵਾਂ ਨੂੰ ਹੱਲ ਵੀ ਕਰਨਗੀਆਂ। ਇਸ ਦੌਰਾਨ ਇਮਪੈਕਟ ਸੰਸਥਾ ਦੀਆਂ ਟੀਮਾਂ ਨੂੰ ਪਾਣੀ ਦੀ ਜਾਂਚ ਕਰਨ ਲਈ ਕਿੱਟਾਂ ਵੰਡੀਆਂ ਗਈਆਂ।ਫੀਲਡ ਟ੍ਰੇਨਿੰਗ ਦੌਰਾਨ ਇਮਪੈਕਟ ਟੀਮ ਨੂੰ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਪਿੰਡ ਗ੍ਰਾਮ ਪੰਚਾਇਤ ਸਾਂਪਲਾ ਦਾ ਦੌਰਾ ਕਰਵਾਇਆ ਗਿਆ।ਫੀਲਡ ਟੀਮ ਨੂੰ ਸਮੂਹਾਂ ਵਿੱਚ ਵੰਡ ਕੇ ਆਮ ਲੋਕਾਂ ਨਾਲ ਰਾਬਤਾ ਕਾਇਮ ਕਰਨ ਬਾਰੇ ਦੱਸਿਆ ਗਿਆ।

ਇਮਪੈਕਟ ਟੀਮ ਲੀਡਰ ਰਘੁਬੀਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਟ੍ਰੇਨਿੰਗ ਕੈਂਪ ਵਿੱਚ ਸੰਸਥਾ ਦੇ 10 ਆਈਈਸੀ ਮਾਹਿਰਾਂ, 10 ਕਮਿਊਨਿਟੀ ਡਿਵੈਲਪਮੈਂਟ ਮਾਹਿਰਾਂ ਤੇ 51 ਬਲਾਕ ਰਿਸੋਰਸ ਕੁਆਰਡੀਨੇਟਰਾਂ ਨੇ ਭਾਗ ਲਿਆ। ਸੰਸਥਾ ਦੀਆਂ ਇਹ ਟੀਮਾਂ ਲੋਕਾਂ ਦੀ ਸ਼ਮੂਲੀਅਤ ਯਕੀਨੀ ਬਣਾਉਣਗੀਆਂ ਅਤੇ ਨਾਲ ਹੀ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਬਾਰੇ ਬਣੀਆਂ ਗਲਤ ਧਾਰਨਾਵਾਂ ਨੂੰ ਤਬਦੀਲ ਕਰਨ ਵਿੱਚ ਅਹਿਮ ਯੋਗਦਾਨ ਪਾਉਣਗੀਆਂ।

# 'ਜਿਨ੍ਹਾਂ ਪੁੱਠੀਆਂ ਖੱਲਾਂ ਲੁਹਾਈਆਂ' ਕਿਤਾਬ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਲੋਕ ਅਰਪਣ

## ਅਣਗੌਲੇ ਸ਼ਹੀਦ ਸਿੰਘਾਂ ਦੇ ਇਤਿਹਾਸ ਦੀ ਖੋਜ ਹੋਣੀ ਜਰੂਰੀ : ਭਾਈ ਹਰਪ੍ਰੀਤ ਸਿੰਘ

ਪਟਿਆਲਾ, 5 ਫਰਵਰੀ -ਨਿਊਜ਼ਲਾਈਨ ਐਕਸਪ੍ਰੈਸ ਬਿਊਰੋ- -ਸ਼ਹੀਦ ਬਾਬਾ ਜੈ ਬਾਬਾ ਜੈ ਸਿੰਘ ਖਲਕਟ ਤੇ ਉਨ੍ਹਾਂ ਦੀ ਸ਼ਹੀਦੀ ਤੇ ਅਧਾਰਿਤ ਇਤਿਹਾਸਕ ਨਾਵਲ 'ਜਿਨ੍ਹਾਂ ਪੁੱਠੀਆਂ ਖੱਲਾਂ ਲੁਹਾਈਆਂ' ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਭਾਈ ਹਰਪ੍ਰੀਤ ਸਿੰਘ ਨੇ ਲੋਕ ਅਰਪਣ ਕੀਤਾ। ਜਥੇਦਾਰ ਭਾਈ ਹਰਪ੍ਰੀਤ ਸਿੰਘ ਨੇ ਕਿਹਾ ਕਿ ਅਣਗੌਲੇ ਸ਼ਹੀਦ ਸਿੰਘਾਂ ਸਬੰਧੀ ਖੋਜਾਂ ਹੋਣੀਆਂ ਲਾਜ਼ਮੀ ਹਨ, ਇਹ ਕੰਮ ਗੁਰਨਾਮ ਸਿੰਘ ਅਕੀਦਾ ਵੱਲੋਂ ਸ਼ਹੀਦ ਬਾਬਾ ਜੈ ਸਿੰਘ ਖਲਕਟ ਦਾ ਇਤਿਹਾਸਕ ਨਾਵਲ ਲਿਖ ਕੇ ਬਾਖੂਬੀ ਕਰ ਦਿੱਤਾ ਹੈ, ਅਜੇ ਹੋਰ ਖੋਜਾਂ ਦੀ ਲੋੜ ਰਹੇਗੀ। ਉਨ੍ਹਾਂ ਕਿਹਾ ਸ਼ਹੀਦ ਬਾਬਾ ਜੈ ਸਿੰਘ ਖਲਕਟ ਦੀ ਸ਼ਹੀਦੀ ਦੀ ਤਸਵੀਰ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਅਜਾਇਬ ਘਰ ਵਿਚ ਸੁਸ਼ੋਭਿਤ ਹੈ, ਇਨ੍ਹਾਂ ਦੇ ਇਤਿਹਾਸ ਬਾਰੇ ਹੁਣ ਕਾਫੀ ਖੋਜ ਹੋਣ ਲੱਗ ਪਈ ਹੈ, ਗੁਰਨਾਮ ਸਿੰਘ ਅਕੀਦਾ ਨੇ ਇਤਿਹਾਸਕ ਨਾਵਲ ਲਿਖ ਕੇ ਵੱਡਾ ਕੰਮ ਕੀਤਾ ਹੈ। ਇੱਥੇ ਬੋਲਦਿਆਂ ਪੰਜਾਬ ਯੂਨੀਵਰਸਿਟੀ ਪਟਿਆਲਾ ਸਿੱਖ ਧਰਮ ਵਿਸਵ-ਕੋਸ ਦੇ ਮੁਖੀ ਅਤੇ ਇਸ ਨਾਵਲ ਦੀ ਭੂਮਿਕਾ ਲਿਖਣ ਵਾਲੇ ਡਾ. ਪਰਮਵੀਰ ਸਿੰਘ ਨੇ ਕਿਹਾ ਕਿ ਅਕੀਦਾ ਵੱਲੋਂ ਲਿਖਿਆ ਇਹ ਇਤਿਹਾਸਕ ਨਾਵਲ ਸ਼ਹੀਦ ਬਾਬਾ ਜੈ ਸਿੰਘ ਖਲਕਟ ਅਤੇ ਉਨ੍ਹਾਂ ਦੇ ਸਮਕਾਲੀ ਸ਼ਹੀਦ ਸਿੰਘਾਂ ਉੱਤੇ ਅਧਾਰਿਤ ਹੈ। ਜਿਸ ਵਿਚ ਅਣਗੌਲੇ ਸਿੰਘਾਂ ਦੇ ਨਿਰੋਲ ਸਿੱਖ ਇਤਿਹਾਸ ਨੂੰ ਉਜਾਗਰ ਕੀਤਾ ਗਿਆ ਹੈ, ਮੈਨੂੰ ਇਹ ਨਾਵਲ ਪੜ੍ਹ ਕੇ ਜਿੱਥੇ ਖੁਸੀ ਹੋਈ ਉੱਥੇ ਹੀ ਬਾਬਾ ਜੀ ਦਾ ਇਤਿਹਾਸ ਜਾਣ ਕੇ ਸਿੱਖੀ ਉੱਤੇ ਮਾਣ ਵੀ ਹੋਇਆ। ਸ਼੍ਰੋਮਣੀ ਕਮੇਟੀ ਦੇ ਕਾਰਜਕਾਰੀ ਮੈਂਬਰ ਸਤਵਿੰਦਰ ਸਿੰਘ ਟੌਹੜਾ ਨੇ ਕਿਹਾ ਕਿ ਇਹ ਇਤਿਹਾਸਕ ਨਾਵਲ ਪੜ੍ਹ ਕੇ ਸਾਨੂੰ ਸਿੱਖ ਇਤਿਹਾਸ ਬਾਰੇ ਜਾਣਕਾਰੀ ਹਾਸਲ ਕਰਨੀ ਜਰੂਰੀ ਹੈ। ਬਰਾਡਕਾਸਟਰ ਪਰਮਿੰਦਰ ਸਿੰਘ ਟਿਵਾਣਾ ਨੇ ਕਿਹਾ ਕਿ ਸਿੰਘ ਟੈਰੇਨ ਪਬਲੀਕੇਸ਼ਨ ਵੱਲੋਂ ਪ੍ਰਕਾਸ਼ਿਤ ਕੀਤੇ ਇਸ ਨਾਵਲ ਦੇ 184 ਸਫੇ ਹਨ, ਜਿਸ ਨੂੰ ਪੜ੍ਹਦਿਆਂ ਰੁਚੀ ਬਣਦੀ ਹੈ, ਸ਼ਬਦਾਂ, ਬਾਗਾਂ ਤੇ ਸ਼ਹਿਰ ਵਿਚ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਰਿਲੀਜ ਕੀਤੇ ਇਸ ਇਤਿਹਾਸਕ ਨਾਵਲ ਨੂੰ ਪੜ੍ਹ ਕੇ ਹੀ ਪਤਾ ਲੱਗੇਗਾ ਕਿ ਸ਼ਹੀਦ ਬਾਬਾ ਜੈ ਸਿੰਘ ਤੇ ਉਨ੍ਹਾਂ ਦੇ ਪਰਿਵਾਰ ਦੀ ਸ਼ਹੀਦੀ ਕਿਵੇਂ ਹੋਈ ਸੀ। ਫਰੈਂਚ ਪ੍ਰੋ. ਜਸਵੰਤ ਸਿੰਘ ਪੂਨੀਆ ਨੇ ਕਿਹਾ ਕਿ ਗੁਰਨਾਮ ਸਿੰਘ ਅਕੀਦਾ ਵੱਲੋਂ ਪਹਿਲਾਂ ਲਿਖੀਆਂ ਕਿਤਾਬਾਂ ਵੀ ਮੈਂ ਪੜ੍ਹ ਚੁੱਕਿਆ ਹਾਂ ਜੋ ਤੱਥਾਂ ਤੇ ਅਧਾਰਿਤ ਹਨ, ਹੁਣ ਇਹ ਨਾਵਲ ਵਿਚ ਸਿੱਖ ਇਤਿਹਾਸ ਉਜਾਗਰ ਕਰਕੇ ਸ. ਅਕੀਦਾ ਨੇ ਚੰਗਾ ਕੰਮ ਕੀਤਾ ਹੈ। ਇਸ ਸਮੇਂ ਗੁਰਨਾਮ ਸਿੰਘ ਅਕੀਦਾ ਨੇ ਕਿਹਾ ਕਿ ਸਮੇਂ, ਸਥਾਨ, ਤੇ ਵਿਸ਼ਾ ਵਸਤੂ ਅਨੁਸਾਰ ਇਸ ਨਾਵਲ ਨੂੰ ਲਿਖਣ ਦੀ ਕੋਸ਼ਿਸ਼ ਕੀਤੀ ਹੈ, ਇਸ ਸਮੇਂ ਸਿੰਘ ਸਾਹਿਬ ਭਾਈ ਹਰਪ੍ਰੀਤ ਸਿੰਘ ਨੂੰ ਸ਼ਹੀਦ ਬਾਬਾ ਜੈ ਸਿੰਘ ਖਲਕਟ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਨੇ ਸਿਰੋਪਾਉ ਪਾਕੇ ਸਨਮਾਨਿਤ ਕੀਤਾ। ਇਸ ਵੇਲੇ ਪ੍ਰਧਾਨ ਸੁਰਜੀਤ ਸਿੰਘ, ਜਨਰਲ ਸਕੱਤਰ ਰੋਸ਼ਨ ਸਿੰਘ, ਖਜਾਨਚੀ ਕਰਮ ਸਿੰਘ ਤੇ ਹੋਰ ਕਮੇਟੀ ਮੈਂਬਰ ਵੀ ਮੌਜੂਦ ਸਨ। ਪਬਲਿਸ਼ਰ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਮੈਂ ਇਹ ਨਾਵਲ ਪ੍ਰਕਾਸਤਿ ਕਰਕੇ ਖੁਸੀ ਮਹਿਸੂਸ ਕਰ ਰਿਹਾ ਹਾਂ।



ਜਿਨ੍ਹਾਂ ਪੁੱਠੀਆਂ ਖੱਲਾਂ ਲੁਹਾਈਆਂ ਕਿਤਾਬ ਰਿਲੀਜ ਕੀਤੇ ਜਾਣ ਦਾ ਦ੍ਰਿਸ਼।

# ਟਰਾਈਡੈਂਟ ਗਰੁੱਪ ਬਰਨਾਲਾ ਲਈ 101 ਲੜਕੀਆਂ ਦਾ ਨਵਾਂ ਬੈਚ ਪਟਿਆਲਾ ਤੋਂ ਹੋਇਆ ਰਵਾਨਾ



ਪਟਿਆਲਾ, 5 ਫਰਵਰੀ -ਨਿਊਜ਼ਲਾਈਨ ਐਕਸਪ੍ਰੈਸ ਬਿਊਰੋ- ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਮਿਸ਼ਨ 'ਘਰ ਘਰ ਰੋਜ਼ਗਾਰ' ਤਹਿਤ ਜ਼ਿਲ੍ਹਾ ਰੋਜ਼ਗਾਰ ਬਿਊਰੋ ਵੱਲੋਂ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ, ਇਸ ਲੜੀ ਤਹਿਤ ਟਰਾਈਡੈਂਟ ਗਰੁੱਪ ਬਰਨਾਲਾ @ਚ ਲੜਕੀਆਂ ਦੀ ਭਰਤੀ ਲਈ 101 ਲੜਕੀਆਂ ਦਾ ਨਵਾਂ ਬੈਚ ਪਟਿਆਲਾ ਤੋਂ ਬਰਨਾਲਾ ਲਈ ਰਵਾਨਾ ਹੋਇਆ। ਇਸ ਸਬੰਧੀ ਜਾਣਕਾਰੀ ਦਿੰਦਿਆ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਸਿੰਪੀ ਸਿੰਗਲਾ ਨੇ ਦੱਸਿਆ ਕਿ ਟਰਾਈਡੈਂਟ ਗਰੁੱਪ 'ਚ ਰੋਜ਼ਗਾਰ ਲਈ 239 ਲੜਕੀਆਂ ਨੇ ਬਿਊਰੋ ਵਿਖੇ ਪਹੁੰਚ ਕੀਤੀ ਸੀ ਅਤੇ ਇਨ੍ਹਾਂ ਵਿਚੋਂ 101 ਲੜਕੀਆਂ ਦੀ ਚੋਣ ਹੋਈ ਹੈ, ਜੋ ਅੱਜ ਟਰਾਈਡੈਂਟ ਗਰੁੱਪ ਬਰਨਾਲਾ ਲਈ ਪਟਿਆਲਾ ਤੋਂ ਰਵਾਨਾ ਹੋਈਆਂ। ਸਿੰਪੀ ਸਿੰਗਲਾ ਨੇ ਦੱਸਿਆ ਕਿ ਲੜਕੀਆਂ ਨੂੰ ਟ੍ਰੇਨਿੰਗ ਦੌਰਾਨ ਮੁਫ਼ਤ ਹੋਸਟਲ ਦੀ ਸੁਵਿਧਾ ਵੀ ਦਿੱਤੀ ਜਾਵੇਗੀ ਅਤੇ ਭਰਤੀ ਹੋਣ ਵਾਲੀਆਂ ਲੜਕੀਆਂ ਨੂੰ ਟ੍ਰੇਨਿੰਗ ਦੌਰਾਨ 18 ਹਜ਼ਾਰ ਰੁਪਏ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਜੋ ਲੜਕੀਆਂ ਬਰਨਾਲਾ ਕੰਪਨੀ ਦੇ 30 ਕਿਲੋਮੀਟਰ ਦੇ ਦਾਇਰੇ ਤੋਂ ਬਾਹਰ ਹਨ, ਉਨ੍ਹਾਂ ਨੂੰ ਟ੍ਰੇਨਿੰਗ ਦੌਰਾਨ ਹੋਸਟਲ ਵਿਖੇ ਰਹਿਣ ਦੀ ਸਹੂਲਤ ਦਿੱਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਜਲਦ ਹੀ ਲੜਕੀਆਂ ਦਾ ਇੱਕ ਹੋਰ ਬੈਚ ਟਰਾਈਡੈਂਟ ਗਰੁੱਪ ਬਰਨਾਲਾ ਲਈ ਸਟੀਚਿੰਗ, ਚੈਕਰ ਅਤੇ ਪੈਕਰ ਦੀ ਭਰਤੀ ਲਈ ਭੇਜਿਆ ਜਾਵੇਗਾ। ਚਾਹਵਾਨ ਲੜਕੀਆਂ ਜਿਨ੍ਹਾਂ ਦੀ ਉਮਰ 18 ਤੋਂ 25 ਸਾਲ ਹੋਵੇ ਅਤੇ ਯੋਗਤਾ ਦਸਵੀਂ ਜਾ ਬਾਰਵੀਂ ਹੋਵੇ ਉਹ ਆਪਣੇ ਪੜ੍ਹਾਈ ਦੇ ਸਰਟੀਫਿਕੇਟਾਂ ਦੇ ਨਾਲ ਆਪਣਾ ਆਧਾਰ ਕਾਰਡ, ਪੈਨ ਕਾਰਡ, ਬੈਂਕ ਪਾਸਬੁੱਕ, ਆਪਣੀਆਂ 4 ਪਾਸਪੋਰਟ ਸਾਈਜ਼ ਫੋਟੋਆਂ ਲੈਕੇ ਮਿਤੀ 19 ਫਰਵਰੀ ਸ਼ਾਮ 5:00 ਵਜੇ ਤੱਕ ਆਪਣਾ ਫਾਰਮ ਸਰਕਾਰੀ ਕੰਮ-ਕਾਰ ਵਾਲੇ ਦਿਨ ਜ਼ਿਲ੍ਹਾ ਰੋਜਗਾਰ ਬਿਊਰੋ, ਪਟਿਆਲਾ ਵਿਖੇ ਆ ਕੇ ਭਰ ਸਕਦੀਆਂ ਹਨ।

# ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਡਿਜ਼ੀਟਲ ਰੰਗਤ ਨਾਲ ਮਾਪੇ-ਅਧਿਆਪਕ ਮਿਲਣੀਆਂ ਸ਼ੁਰੂ

## ਵਿਦਿਆਰਥੀਆਂ ਦੀ ਕਾਰਗੁਜ਼ਾਰੀ ਦੀਆਂ ਪ੍ਰਦਰਸ਼ਨੀਆਂ ਅਤੇ ਸਲਾਈਡਾਂ ਰਾਹੀਂ ਕੀਤੀਆਂ ਗਈਆਂ ਪੇਸ਼ਕਾਰੀਆਂ

ਪਟਿਆਲਾ 5 ਫਰਵਰੀ -ਨਿਊਜ਼ਲਾਈਨ ਐਕਸਪ੍ਰੈਸ ਬਿਊਰੋ- ਸਕੂਲ ਸਿੱਖਿਆ ਵਿਭਾਗ ਵੱਲੋਂ ਸਿੱਖਿਆ ਮੰਤਰੀ ਵਿਜੈ ਇੰਦਰ ਸਿੰਗਲਾ ਦੀ ਸਰਪ੍ਰਸਤੀ ਤੇ ਸਕੱਤਰ ਸਕੂਲ ਸਿੱਖਿਆ ਕ੍ਰਿਸ਼ਨ ਦੀ ਦੇਖ-ਰੇਖ 'ਚ ਅੱਜ ਜਿਲ੍ਹੇ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ 'ਚ ਮਿਸ਼ਨ ਸ਼ਤ-ਪ੍ਰਤੀਸ਼ਤ ਦੀ ਸਫ਼ਲਤਾ ਲਈ ਰੱਖੀ ਗਈ ਮਾਪੇ ਅਧਿਆਪਕ ਮਿਲਣੀ ਦੌਰਾਨ ਮਾਪਿਆਂ ਨੂੰ ਵਿਦਿਆਰਥੀਆਂ ਦੀ ਜਨਵਰੀ ਮਹੀਨੇ ਵਿੱਚ ਕੀਤੇ ਗਏ ਮੁਲਾਂਕਣ ਬਾਰੇ ਜਾਣਕਾਰੀ ਦਿੱਤੀ ਗਈ। ਇਸ ਸਬੰਧੀ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ. ਸਿੱ.) ਇੰਜੀ. ਅਮਰਜੀਤ ਸਿੰਘ ਨੇ ਵੱਖ-ਵੱਖ ਸਕੂਲਾਂ ਦਾ ਦੌਰਾ ਕਰਨ ਉਪਰੰਤ ਦੱਸਿਆ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਪ੍ਰਦਾਨ ਕੀਤੀ ਜਾ ਰਹੀ ਪ੍ਰੀ-ਪ੍ਰਾਇਮਰੀ ਸਿੱਖਿਆ ਨੇ ਪ੍ਰਦੇਸ਼ ਦਾ ਨਾਮ ਭਾਰਤ ਵਿੱਚ ਚਮਕਾਇਆ ਹੈ। ਪੰਜਾਬ ਪੀ-ਪ੍ਰਾਇਮਰੀ ਜਮਾਤਾਂ ਸ਼ੁਰੂ ਕਰਨ ਵਾਲਾ ਪਹਿਲਾ ਸੂਬਾ ਹੈ ਅਤੇ ਰਾਸ਼ਟਰੀ ਸਰਵੇ ਅਨੁਸਾਰ ਪੰਜਾਬ ਦੇ 3-6 ਸਾਲ ਦੇ 61.6 ਫੀਸਦੀ ਬੱਚਿਆਂ ਨੇ ਸਕੂਲਾਂ ਵਿੱਚ ਹਾਜ਼ਰੀ ਦਿੱਤੀ।



ਡੀ.ਈ.ਓ. (ਐਲੀ.) ਇੰਜੀ. ਅਮਰਜੀਤ ਸਿੰਘ ਤੇ ਮਾਪੇ,ਐਨ.ਟੀ.ਸੀ. ਸਕੂਲ ਰਾਜਪੁਰਾ ਵਿਖੇ ਮਾਪੇ-ਅਧਿਆਪਕ ਮਿਲਣੀ ਮੌਕੇ ਲਗਾਈ ਗਈ ਪ੍ਰਦਰਸ਼ਨੀ ਦਾ ਨਿਰੀਖਣ ਕਰਦੇ ਹੋਏ। ਫ਼ੋਟੋ : ਨਿਊਜ਼ਲਾਈਨ ਐਕਸਪ੍ਰੈਸ

ਉਨ੍ਹਾਂ ਸਮੂਹ ਅਧਿਆਪਕਾਂ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਕਿਹਾ ਕਿ ਇਹਨਾਂ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਅਧਿਆਪਕਾਂ ਦੁਆਰਾ ਕੀਤੇ ਜਾ ਰਹੇ ਕਾਰਜਾਂ ਨੇ ਪੰਜਾਬ ਦੇ ਅਧਿਆਪਕਾਂ ਦਾ ਮਾਣ ਭਾਰਤ ਵਿੱਚ ਵਧਾਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ 3 ਸਾਲ ਪਹਿਲਾ ਪ੍ਰੀ-ਪ੍ਰਾਇਮਰੀ ਸਿੱਖਿਆ ਸ਼ੁਰੂ ਹੋਈ ਸੀ ਅਤੇ ਰਾਜ ਦੇ 3.30 ਲੱਖ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲਾ ਲੈ ਚੁੱਕੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਵਿੱਚ ਮਾਪੇ ਪ੍ਰੀ-ਪ੍ਰਾਇਮਰੀ ਸਿੱਖਿਆ ਲਈ ਕੀਤੇ ਜਾ ਰਹੇ ਪ੍ਰਬੰਧਾਂ ਦੀ ਭਰਵੀਂ ਤਾਰੀਫ਼ ਕਰ ਰਹੇ ਹਨ। ਇਸਦੇ ਨਾਲ ਹੀ ਇੰਜੀ. ਅਮਰਜੀਤ ਸਿੰਘ ਨੇ ਦੱਸਿਆ ਕਿ ਸਕੂਲ ਮੁਖੀਆਂ ਅਤੇ ਅਧਿਆਪਕਾਂ ਨੇ ਮਾਪਿਆਂ ਅਤੇ ਸਰਪ੍ਰਸਤਾਂ ਨੂੰ ਦੱਸਿਆ ਕਿ ਕੋਵਿਡ-19 ਸਬੰਧੀ ਸਰਕਾਰ ਵੱਲੋਂ ਜਾਰੀ ਹਦਾਇਤਾਂ ਦਾ ਸਕੂਲਾਂ ਵਿੱਚ ਬਾਖੂਬੀ ਪਾਲਣ ਕੀਤਾ ਜਾ ਰਿਹਾ ਹੈ। ਉਨ੍ਹਾਂ ਮਾਪਿਆਂ ਨੂੰ ਘਰਾਂ ਵਿੱਚ ਵੀ ਇਹਨਾਂ ਹਦਾਇਤਾਂ ਦਾ ਪਾਲਣ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਸ਼ੁਰੂ ਕੀਤੇ ਗਏ ਮਿਸ਼ਨ ਸ਼ਤ-ਪ੍ਰਤੀਸ਼ਤ 2021 ਦੀ ਸਫ਼ਲਤਾ ਲਈ ਸਾਲਾਨਾ ਇਮਤਿਹਾਨਾਂ ਦੀ ਤਿਆਰੀ ਲਈ ਪਾਠਕ੍ਰਮ ਅਨੁਸਾਰ ਤਿਆਰੀ, ਪੰਜਾਬ ਐਜੂਕੇਅਰ ਐਪ ਦੀ ਵਰਤੋਂ ਕਰਕੇ ਪਾਠਕ੍ਰਮ ਦੀ ਦੁਹਰਾਈ, ਮਾਡਲ ਟੈਸਟ ਪੇਪਰਾਂ ਨੂੰ ਹੱਲ ਕਰਨਾ, ਨਮੂਨਾ ਪ੍ਰਸ਼ਨ ਪੱਤਰਾਂ ਬਾਰੇ ਜਾਣਕਾਰੀ ਲੈਣ ਅਤੇ ਵਧੀਆ ਤਿਆਰੀ ਲਈ ਮਾਪਿਆਂ/ ਸਰਪ੍ਰਸਤਾਂ ਦੇ ਸਹਿਯੋਗ ਬਾਰੇ ਵੀ ਚਰਚਾ ਕੀਤੀ ਗਈ।

# ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦਸਤਾਰਬੰਦੀ ਮੁਕਾਬਲੇ ਕਰਵਾਏ



ਪਟਿਆਲਾ 5 ਫਰਵਰੀ -ਨਿਊਜ਼ਲਾਈਨ ਐਕਸਪ੍ਰੈਸ ਬਿਊਰੋ- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਦੀ ਲੜੀ ਤਹਿਤ ਸਕੂਲ ਸਿੱਖਿਆ ਵਿਭਾਗ ਵੱਲੋਂ ਜ਼ਿਲ੍ਹੇ 'ਚ ਸਕੂਲੀ ਵਿਦਿਆਰਥੀਆਂ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ। ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿੱ.) ਹਰਿੰਦਰ ਕੌਰ ਦੀ ਸਰਪ੍ਰਸਤੀ 'ਚ ਅੱਜ ਸਰਕਾਰੀ ਕੋ-ਐਡ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ ਪਾਸੀ ਰੋਡ ਵਿਖੇ ਦਸਤਾਰਬੰਦੀ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ 'ਚ ਜੇਤੂ ਰਹੇ ਵਿਦਿਆਰਥੀਆਂ ਨੂੰ ਪ੍ਰਿੰ. ਤੋਤਾ ਸਿੰਘ ਚਹਿਲ ਨੈਸ਼ਨਲ ਐਵਾਰਡੀ ਤੇ ਬੇਅੰਤ ਸਿੰਘ ਧਾਲੀਵਾਲ ਸਟੇਟ ਐਵਾਰਡੀ ਨੇ ਇਨਾਮ ਤਕਸੀਮ ਕੀਤੇ।

ਦਸਤਾਰਬੰਦੀ ਮੁਕਾਬਲਿਆਂ 'ਚ ਬਾਰਵੀਂ ਜਮਾਤ ਦਾ ਵਿਦਿਆਰਥੀ ਮਨਿੰਦਰ ਸਿੰਘ ਪਹਿਲੇ ਸਥਾਨ 'ਤੇ ਰਿਹਾ। ਗਿਆਰਵੀਂ ਜਮਾਤ ਦਾ ਵਿਦਿਆਰਥੀ ਸ਼ਰਨਦੀਪ ਸਿੰਘ ਸੰਧੂ ਦੂਸਰੇ ਤੇ ਸ਼ਰਨਜੀਤ ਸਿੰਘ ਚੀਮਾ (ਗਿਆਰਵੀਂ ਜਮਾਤ) ਤੀਸਰੇ ਸਥਾਨ 'ਤੇ ਰਿਹਾ। ਇਨ੍ਹਾਂ ਮੁਕਾਬਲਿਆਂ ਦਾ ਸੰਚਾਲਨ ਲੈਕਚਰਾਰ ਸੰਗੀਤਾ ਰਾਣੀ, ਲੈਕਚਰਾਰ ਅਰਚਨਾ, ਡਾ. ਸੁਖਦਰਸ਼ਨ ਸਿੰਘ ਚਹਿਲ, ਇਕਬਾਲ ਸਿੰਘ, ਬਲਵਿੰਦਰ ਸਿੰਘ ਤੇ ਰਣਜੀਤ ਸਿੰਘ ਬੀਰੋਕੇ ਨੇ ਸਟਾਫ ਦੇ ਸਹਿਯੋਗ ਨਾਲ ਕੀਤਾ। ਪ੍ਰਿੰ. ਚਹਿਲ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਜਿੱਥੇ ਬੇਮਿਸਾਲ ਕੁਰਬਾਨੀ ਹਰ ਸਮੇਂ ਲੋਕਾਈ ਨੂੰ ਜ਼ੁਲਮ ਖਿਲਾਫ਼ ਲੜਨ ਲਈ ਪ੍ਰੇਰਿਤ ਕਰਦੀ ਹੈ, ਉਥੇ ਉਨ੍ਹਾਂ ਦੀ ਬਾਣੀ ਤੇ ਬਾਣਾ ਵੀ ਇਨਸਾਨੀਅਤ ਲਈ ਮਾਰਗਦਰਸ਼ਕ ਬਣੀ ਹੋਈ ਹੈ। ਜਿਸ ਕਰਕੇ ਅਜਿਹੇ ਮਹਾਨ ਗੁਰੂਆਂ ਬਾਰੇ ਨਵੀਂ ਪੀੜ੍ਹੀ ਨੂੰ ਜਾਣਕਾਰੀ ਦੇਣ ਲਈ ਪੰਜਾਬ ਸਰਕਾਰ ਵੱਲੋਂ ਆਯੋਜਿਤ ਕੀਤੇ ਜਾ ਰਹੇ ਸਮਾਗਮ ਬਹੁਤ ਸ਼ਲਾਘਾਯੋਗ ਹਨ। ਜਿਸ ਤਹਿਤ ਹੀ ਉਨ੍ਹਾਂ ਦੇ ਸਕੂਲ 'ਚ ਵੀ ਗੁਰੂ ਸਾਹਿਬ ਦੀ ਫਿਲਾਸਫੀ ਨਾਲ ਜੋੜਨ ਲਈ ਵੱਖ-ਵੱਖ ਤਰ੍ਹਾਂ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ।

# ਐਸ.ਸੀ. ਨੌਜਵਾਨਾਂ ਦਾ ਆਰਥਿਕ ਪੱਧਰ ਉੱਪਰ ਚੁੱਕਣ ਲਈ 695.20 ਲੱਖ ਦੇ ਕਰਜ਼ੇ ਮੁਹੱਈਆ ਕਰਵਾਏ: ਸਾਧੂ ਸਿੰਘ ਧਰਮਸੋਤ

ਚੰਡੀਗੜ੍ਹ, 5 ਫ਼ਰਵਰੀ -ਨਿਊਜ਼ਲਾਈਨ ਐਕਸਪ੍ਰੈਸ ਬਿਊਰੋ- ਪੰਜਾਬ ਦੇ ਅਨੁਸੂਚਿਤ ਜਾਤੀਆਂ ਦੇ ਗ਼ਰੀਬ ਨੌਜਵਾਨਾਂ ਨੂੰ ਸਵੈ-ਰੋਜ਼ਗਾਰ ਸ਼ੁਰੂ ਕਰਨ ਲਈ 695.20 ਲੱਖ ਦੇ ਕਰਜ਼ੇ ਵੰਡੇ ਜਾ ਚੁੱਕੇ ਹਨ। ਇਹ ਕਰਜ਼ੇ 494 ਨੌਜਵਾਨਾਂ ਨੂੰ ਘੱਟ ਵਿਆਜ਼ ਦਰਾਂ 'ਤੇ ਮੁਹੱਈਆ ਕਰਵਾਏ ਗਏ ਹਨ।



ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਸ. ਸਾਧੂ ਸਿੰਘ ਧਰਮਸੋਤ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਵੱਲੋਂ ਸਾਲ 2020-2021 ਦੌਰਾਨ 1400 ਗਰੀਬ ਅਤੇ ਯੋਗ ਨੌਜਵਾਨਾਂ ਨੂੰ 2250 ਲੱਖ ਰੁਪਏ ਦੇ ਕਰਜ਼ੇ ਵੰਡਣ ਦਾ ਟੀਚਾ ਮਿੱਥਿਆ ਗਿਆ ਸੀ। ਹੁਣ ਤੱਕ 494 ਨੌਜਵਾਨਾਂ ਨੂੰ 695.20 ਲੱਖ ਦੇ ਕਰਜ਼ਾ ਘੱਟ ਵਿਆਜ਼ ਦਰਾਂ 'ਤੇ ਮੁਹੱਈਆ ਕਰਵਾਇਆ ਜਾ ਚੁੱਕਾ ਹੈ, ਅਤੇ ਹੋਰਨਾਂ ਨੌਜਵਾਨਾਂ ਨੂੰ ਕਰਜ਼ ਮੁਹੱਈਆ ਕਰਵਾਉਣ ਦੀ ਪ੍ਰਕਿਰਿਆ ਜਾਰੀ ਹੈ। ਮੰਤਰੀ ਨੇ ਦੱਸਿਆ ਕਿ ਮੌਜੂਦਾ ਪੰਜਾਬ ਸਰਕਾਰ ਨੇ ਪਿਛਲੇ ਲਗਭੱਗ 4 ਸਾਲਾਂ ਦੇ ਸਮੇਂ ਦੌਰਾਨ ਸੂਬੇ ਦੇ 6404 ਗ਼ਰੀਬ ਐਸ.ਸੀ. ਨੌਜਵਾਨਾਂ ਨੂੰ 5842.89 ਲੱਖ ਰੁਪਏ ਦੇ ਕਰਜ਼ੇ ਮੁਹੱਈਆ ਕਰਵਾਏ ਜਾ ਚੁੱਕੇ ਹਨ। ਜਿਨ੍ਹਾਂ ਨੂੰ ਪ੍ਰਾਪਤ ਕਰਕੇ ਉਹ ਆਪਣਾ ਸਵੈ-ਰੋਜ਼ਗਾਰ ਸ਼ੁਰੂ ਕਰ ਚੁੱਕੇ ਹਨ ਅਤੇ ਆਪਣਾ ਜੀਵਨ ਨਿਰਬਾਹ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਮੌਜੂਦਾ ਸਰਕਾਰ ਨੇ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਕਰਜ਼ਾ ਕੇਸਾਂ ਦੇ ਛੇਤੀ ਨਿਪਟਾਰੇ ਲਈ 1 ਲੱਖ ਤੱਕ ਦੇ ਕਰਜ਼ੇ ਨੂੰ ਪ੍ਰਵਾਨ ਕਰਨ ਦਾ ਅਧਿਕਾਰ ਜ਼ਿਲ੍ਹਾ ਪੱਧਰ 'ਤੇ ਜ਼ਿਲ੍ਹਾ ਮੈਨੇਜਰਾਂ ਨੂੰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕਰਜ਼ਾ ਪ੍ਰਕਿਰਿਆ ਨੂੰ ਹੋਰ ਸੁਖਾਲਾ ਕਰਨ ਲਈ ਜ਼ਿਲ੍ਹਾ ਪੱਧਰੀ ਸਕਰੀਨਿੰਗ ਕਮੇਟੀ ਵਿੱਚ ਵੀ ਸੋਧ ਕੀਤੀ ਗਈ ਹੈ।

# ਪਟਿਆਲਾ 'ਚ ਕਿਸਾਨਾਂ ਨੇ ਰੋਕੀ ਬੌਬੀ ਦਿਓਲ ਦੀ ਫ਼ਿਲਮ ਦੀ ਸ਼ੂਟਿੰਗ

ਪਟਿਆਲਾ, 5 ਫਰਵਰੀ - ਨਿਊਜ਼ਲਾਈਨ ਐਕਸਪ੍ਰੈਸ ਬਿਊਰੋ- ਬਾਲੀਵੁੱਡ ਅਦਾਕਾਰ ਬੌਬੀ ਦਿਓਲ ਦੀ ਫਲਿਮ, ਜਿਸ ਦੀ ਸੂਟਿੰਗ ਪਟਿਆਲਾ ਵਿਖੇ 7 ਫਰਵਰੀ ਤੋਂ ਆਰੰਭ ਹੋਣੀ ਸੀ, ਨੂੰ ਅੱਜ ਪਏ ਰੌਲੇ-ਰੱਪੇ ਕਾਰਨ ਰੋਕ ਦਿੱਤਾ ਗਿਆ। ਸੂਤਰਾਂ ਮੁਤਾਬਕ ਫਿਲਹਾਲ ਇਹ ਸੂਟਿੰਗ ਇਕ ਮਹੀਨੇ ਲਈ ਟਾਲ ਦਿੱਤੀ ਗਈ ਹੈ। ਪਟਿਆਲਾ ਦੇ ਵੱਖ-ਵੱਖ ਇਲਾਕਿਆਂ 'ਚ ਇਸ ਫਿਲਮ ਦੀ ਸੂਟਿੰਗ ਹੋਣੀ ਸੀ। ਦੱਸਣਯੋਗ ਹੈ ਕਿ ਬੌਬੀ ਦਿਓਲ ਦੇ ਭਰਾ ਸੰਨੀ ਦਿਓਲ ਪੰਜਾਬ ਦੇ ਗੁਰਦਾਸਪੁਰ ਤੋਂ ਭਾਜਪਾ ਸੰਸਦ ਮੈਂਬਰ ਹਨ, ਜਿਨ੍ਹਾਂ ਦੇ ਕਿਸਾਨ ਅੰਦੋਲਨ ਨੂੰ ਲੈ ਕੇ ਵੱਖ-ਵੱਖ ਬਿਆਨਾਂ ਜਾਂ ਟਵੀਟਾਂ ਦਾ ਕਿਸਾਨ ਜਥੇਬੰਦੀਆਂ ਤੇ ਹੋਰ ਸਮਾਜਿਕ ਜਥੇਬੰਦੀਆਂ ਵਿਰੋਧ ਕਰਦੀਆਂ ਆ ਰਹੀਆਂ ਹਨ। ਇਨ੍ਹਾਂ ਦੇ ਚੱਲਦਿਆਂ ਉਨ੍ਹਾਂ ਦੇ ਛੋਟੇ ਭਰਾ ਬੌਬੀ ਦਿਓਲ ਦੀ ਫ਼ਿਲਮ ਦੀ ਸੂਟਿੰਗ ਕੁਝ ਕਿਸਾਨ ਅਤੇ ਸਮਾਜਿਕ ਜਥੇਬੰਦੀਆਂ ਦੇ ਕਾਰਕੁਨਾਂ ਨੇ ਇਸ ਦਾ ਮੌਕੇ 'ਤੇ ਜਾ ਕੇ ਵਿਰੋਧ ਕੀਤਾ, ਜਿਸ ਦੇ ਕਾਰਨ ਇਹ ਸੂਟਿੰਗ ਰੋਕ ਦਿੱਤੀ ਗਈ। ਮੌਕੇ 'ਤੇ ਸੈੱਟ ਦੀ ਤਿਆਰੀ ਕਰ ਰਿਹਾ ਸਟਾਫ ਸਾਰਾ ਸਾਮਾਨ ਪੈਕ ਕਰਕੇ ਵਾਪਸ ਤੁਰ ਪਿਆ।



# ਬ੍ਰਾਹਮਣ ਸਮਾਜ ਵੈਲਫੇਅਰ ਫਰੰਟ ਪੰਜਾਬ ਕਿਸਾਨ ਅੰਦੋਲਨ ਦੇ ਸ਼ਹੀਦ ਘਰ ਅਫ਼ਸੋਸ ਕਰਨ ਪੁੱਜਿਆ



ਪਟਿਆਲਾ, 5 ਫਰਵਰੀ - ਨਿਊਜ਼ਲਾਈਨ ਐਕਸਪ੍ਰੈਸ ਬਿਊਰੋ- ਕੇਂਦਰ ਸਰਕਾਰ ਵੱਲੋਂ ਪਾਸ ਕੀਤੇ ਤਿੰਨ ਖੇਤੀ ਕਾਨੂੰਨਾਂ ਦੇ ਖਿਲਾਫ ਦਿੱਲੀ ਵਿਖੇ ਚਲ ਰਹੇ ਕਿਸਾਨੀ ਅੰਦੋਲਨ ਵਿੱਚ ਜਿਆਦਾ ਬਿਮਾਰ ਹੋਣ ਕਾਰਨ ਪਿੰਡ ਦੋਣਕਲਾਂ, ਹਲਕਾ ਸਨੌਰ, ਜਿਲਾ ਪਟਿਆਲਾ ਦੇ ਵਸਨੀਕ ਵਰੁਣ ਅਤਰੀ ਪੁੱਤਰ ਲੇਟ ਸ੍ਰੀ ਸੰਜੀਵ ਸ਼ਰਮਾ ਉਮਰ ਲਗਭਗ 24 ਸਾਲ ਪਿੰਡ ਦੌਣਕਲਾਂ ਵਾਪਿਸ ਆਇਆ। ਪਿੰਡ ਆ ਕੇ ਰਾਤ ਨੂੰ ਉਸਦੀ ਮੌਤ ਹੋ ਗਈ। ਉਸ ਦੇ ਘਰ ਵਿੱਚ ਹੁਣ ਇੱਕ ਅਣਵਿਆਹੀ ਭੈਣ ਅਤੇ ਉਸਦੀ ਮਾਤਾ ਹਨ। ਪਿਤਾ ਜੀ ਦੀ ਪੰਜ ਸਾਲ ਪਹਿਲਾਂ ਮੌਤ ਹੋ ਚੁੱਕੀ ਹੈ ਨੂੰ ਬ੍ਰਾਹਮਣ ਸਮਾਜ ਵੈਲਫੇਅਰ ਫਰੰਟ ਪੰਜਾਬ ਦਾ ਇੱਕ ਵਫਦ ਵਰੁਣ ਅੱਤਰੀ ਦੇ ਘਰ ਅਫਸੋਸ ਕਰਨ ਲਈ ਗਏ। ਮੌਕੇ ਤੇ ਪਿੰਡ ਦੇ ਕਿਸਾਨ ਵੀਰਾਂ ਦੇ ਦੱਸਣ ਮੁਤਾਬਿਕ ਇਹ ਲੜਕਾ ਕਿਸਾਨੀ ਅੰਦੋਲਨ ਵਿੱਚ ਵੱਧ ਚੜਕੇ ਹਿਸਾ ਲੈ ਰਿਹਾ ਸੀ। ਇਸ ਅੰਦੋਲਨ ਵਿੱਚ ਸ਼ਾਮਲ ਹੋਣ ਲਈ ਦੇਸ਼ ਦੇ ਹਰ ਕੋਨੇ ਵਿਚੋਂ ਕਿਸਾਨ, ਮਜਦੂਰ ਅਤੇ ਹਰ ਵਰਗ ਹੁੰਮ ਹੁੰਮਾ ਕੇ ਪਹੁੰਚ ਰਿਹਾ ਹੈ। ਜਿਸ ਤਹਿਤ ਹਲਕਾ ਸਨੌਰ, ਜਿਲਾ ਪਟਿਆਲਾ ਦੇ ਪਿੰਡ ਦੋਣ ਕਲਾਂ ਦੇ ਨੌਜਵਾਨ ਵਰੁਣ ਅੱਤਰੀ ਪੁੱਤਰ ਸੰਜੀਵ ਅੱਤਰੀ ਵੀ ਕਈ ਵਾਰ ਦਿੱਲੀ ਜਾਂਦਾ ਰਿਹਾ। ਬ੍ਰਾਹਮਣ ਸਮਾਜ ਵੈਲਫੇਅਰ ਫਰੰਟ ਪੰਜਾਬ, ਪੰਜਾਬ ਸਰਕਾਰ ਤੋਂ ਮੰਗ ਕਰਦਾ ਹੈ ਕਿ ਜਿਵੇਂ ਹੋਰ ਕਿਸਾਨ ਅੰਦੋਲਨ ਦੌਰਾਨ ਸ਼ਹੀਦ ਹੋਏ ਪਰਿਵਾਰਾਂ ਦੀ ਮਦਦ ਕੀਤੀ ਜਾਂਦੀ ਹੈ ਉਸੇ ਤਰ੍ਹਾਂ ਇਸ ਪਰਿਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ ਅਤੇ 10 ਲੱਖ ਰੁਪਏ ਦੀ ਮਦਦ ਕੀਤੀ ਜਾਵੇ ਤਾਂ ਕਿ ਪਰਿਵਾਰ ਦਾ ਗੁਜਾਰਾ ਹੋ ਸਕੇ। ਇਸ ਮੌਕੇ ਹਰਿੰਦਰ ਪਾਲ ਕੌਰਜੀਵਾਲਾ ਸੂਬਾ ਪ੍ਰਧਾਨ, ਸੁਦੇਵ ਸ਼ਰਮਾ ਪਿੰਡ ਭੁਨਰਹੇੜੀ, ਸਤੀਸ਼ ਬਹਿਲ ਜਨਰਲ ਸਕੱਤਰ ਪਟਿਆਲਾ, ਸਤਪਾਲ ਪ੍ਰਾਸ਼ਰ ਮੀਤ ਪ੍ਰਧਾਨ ਪੰਜਾਬ, ਦਰਸ਼ਨ ਸਿੰਘ ਪੀ.ਆਰ.ਟੀ.ਸੀ. ਪ੍ਰਧਾਨ ਪਟਿਆਲਾ ਦਿਹਾਤੀ ਸ਼ਾਮਲ ਸਨ।